ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 1 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੭ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਹਰਿਆਣਾ 'ਚ ਵੋਟਾਂ ਹੁਣ 5 ਅਕਤੂਬਰ ਨੂੰ ਪੈਣਗੀਆਂ

**ਨਵੀਂ ਦਿੱਲੀ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਚੋਣ ਕਮਿਸ਼ਨ ਨੇ ਹਰਿਆਣਾ ਵਿਧਾਨ ਸਭਾ ਚੋਣਾਂ ਦੀ ਤਾਰੀਖ਼ ਬਦਲ ਦਿੱਤੀ ਹੈ। ਹੁਣ ਸੂਬੇ ਵਿੱਚ 1 ਅਕਤੂਬਰ ਦੀ ਬਜਾਏ 5 ਅਕਤੂਬਰ ਨੂੰ ਵੋਟਾਂ ਪੈਣਗੀਆਂ। ਇਸ ਦੇ ਨਾਲ ਹੀ ਹਰਿਆਣਾ ਅਤੇ ਜੰਮੂ-ਕਸ਼ਮੀਰ ਦੋਵਾਂ ਸੂਬਿਆਂ ਵਿੱਚ ਵੋਟਾਂ ਦੀ ਗਿਣਤੀ ਦੀ ਤਾਰੀਖ਼ ਵੀ ਬਦਲ ਦਿੱਤੀ ਗਈ ਹੈ। ਦੋਵਾਂ ਸੂਬਆਂ ਵਿੱਚ ਹੁਣ ਵੋਟਾਂ ਦੀ ਗਿਣਤੀ 4 ਅਕਤੂਬਰ ਦੀ ਬਜਾਏ 8 ਅਕਤੂਬਰ ਨੂੰ ਹੋਵੇਗੀ। ਚੋਣ ਕਮਿਸ਼ਨ ਵੱਲੋਂ ਇਸਨੂੰ ਲੈ ਕੇ ਬਿਆਨ ਜਾਰੀ ਕੀਤਾ ਗਿਆ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਹਰਿਆਣਾ 'ਚ ਆਉਣ ਵਾਲੇ ਤਿਉਹਾਰ ਦੇ ਮੱਦੇਨਜ਼ਰ ਇਹ ਫੈਸਲਾ ਲਿਆ ਗਿਆ ਹੈ। ਦਰਅਸਲ, ਬਿਸ਼ਨੋਈ ਭਾਈਚਾਰੇ ਦੇ ਵੋਟ ਦੇ ਅਧਿਕਾਰ ਅਤੇ ਪਰੰਪਰਾਵਾਂ ਦੋਵਾਂ ਦਾ ਸਨਮਾਨ ਕਰਨ ਲਈ ਫੈਸਲਾ ਲਿਆ ਗਿਆ, ਜੋ ਆਪਣੇ ਗੁਰੂ ਜੰਬੇਸ਼ਵਰ ਦੀ ਯਾਜ ਵਿੱਚ ਸਦੀਆਂ ਤੋਂ ਆਸੋਜ ਅਮਾਵਸਿਆ ਤਿਉਹਾਰ ਮਨਾਉਂਦੇ ਆ ਰਹੇ ਹਨ। ਦੱਸ ਦਈਏ ਕਿ ਹਰਿਆਣਾ ਵਿਧਾਨ ਸਭਾ ਦੀਆਂ 90 ਸੀਟਾਂ ਲਈ ਇੱਕ ਪੜਾਅ ਵਿੱਚ ਵੋਟਿੰਗ ਹੋਵੇਗੀ। ਚੋਣ ਕਮਿਸ਼ਨ ਨੇ ਇਸ ਤੋਂ ਪਹਿਲਾਂ 1 ਅਕਤੂਬਰ ਨੂੰ ਹਰਿਆਣਾ ਲਈ ਵੋਟਿੰਗ ਕਰਵਾਉਣ ਦਾ ਐਲਾਨ ਕੀਤਾ ਸੀ। ਨਤੀਜੇ 4 ਅਕਤੂਬਰ ਨੂੰ ਆਉਣੇ ਸਨ। ਇਸ ਦੇ ਨਾਲ ਹੀ ਜੰਮੂ-ਕਸ਼ਮੀਰ 'ਚ ਚੋਣਾਂ ਦੀਆਂ ਤਾਰੀਖ਼ਾਂ ਦਾ ਐਲਾਨ ਵੀ ਕੀਤਾ ਗਿਆ। ਇੱਥੇ ਵੀ ਨਤੀਜੇ 4 ਅਕਤੂਬਰ ਨੂੰ ਹੀ ਆਉਣੇ ਸਨ ਪਰ ਹੁਣ ਕਮਿਸ਼ਨ ਨੇ ਤਾਰੀਖ਼ਾਂ ਬਦਲ ਦਿੱਤੀਆਂ ਹਨ।

### ਤਨਖਾਹੀਆ ਕਰਾਰ ਦੇਣ ਮਗਰੋਂ

# ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚੇ ਸੁਖਬੀਰ ਸਿੰਘ ਬਾਦਲ

**ਅੰਮ੍ਰਿਤਸਰ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤਨਖ਼ਾਹੀਆ ਐਲਾਨੇ ਜਾਣ ਮਗਰੋਂ ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚ ਗਏ ਹਨ। ਉਨ੍ਹਾਂ ਦੇ ਨਾਲ ਕੁਝ ਤਤਕਾਲੀ ਮੰਤਰੀ ਵੀ ਮੌਜੂਦ ਹਨ। ਸੁਖਬੀਰ ਬਾਦਲ ਦੇ ਨਾਲ ਸਾਬਕਾ ਮੰਤਰੀ ਗੁਲਜ਼ਾਰ ਸਿੰਘ ਰਣੀਕੇ, ਦਲਜੀਤ ਸਿੰਘ ਚੀਮਾ ਤੇ ਸ਼ਰਨਜੀਤ ਢਿੱਲੋਂ ਵੀ ਪਹੁੰਚੇ ਹੋਏ ਹਨ। ਸੁਖਬੀਰ ਬਾਦਲ ਨੂੰ ਬੀਤੇ ਦਿਨੀਂ ਹੀ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿਚ ਤਨਖ਼ਾਹੀਆ ਕਰਾਰ ਦਿੱਤਾ ਗਿਆ ਸੀ ਤੇ ਉਨ੍ਹਾਂ ਨੂੰ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਹੋਣ ਦੇ ਹੁਕਮ ਦਿੱਤੇ ਗਏ ਸਨ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ 'ਤੇ ਪੰਜ ਸਿੰਘ ਸਾਹਿਬਾਨਾਂ ਵੱਲੋਂ ਲਿਆ ਗਿਆ ਫ਼ੈਸਲਾ ਸੁਣਾਉਂਦਿਆਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਸੀ ਕਿ ਸੁਖਬੀਰ ਸਿੰਘ ਬਾਦਲ ਨੇ ਡਿਪਟੀ ਮੁੱਖ ਮੰਤਰੀ ਹੁੰਦਿਆਂ ਕੁਝ ਅਜਿਹੇ ਫ਼ੈਸਲੇ ਲਏ ਜਿਨ੍ਹਾਂ ਨਾਲ ਸਿੱਖ ਪੰਥ ਅਤੇ ਸਿੱਖ ਸੰਗਤ ਨੂੰ ਭਾਰੀ ਢਾਹ ਲੱਗੀ। ਇਸ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਹਾਲਤ ਵੀ ਪਤਲੀ ਹੋਈ। ਇਸ ਦੇ ਨਾਲ ਜਥੇਦਾਰ ਰਘਬੀਰ ਸਿੰਘ ਨੇ ਕਿਹਾ ਕਿ 2007 ਤੋਂ 2017 ਤਕ ਅਕਾਲੀ ਸਰਕਾਰ ਵਿਚ ਮੌਜੂਦ ਰਹੇ ਭਾਈਵਾਲ ਅਤੇ ਸਿੱਖ ਕੈਬਨਿਟ ਮੰਤਰੀ ਇਸ ਸਬੰਧੀ ਆਪਣਾ ਸਪੱਸ਼ਟੀਕਰਨ 15 ਦਿਨਾਂ ਦੇ ਅੰਦਰ-ਅੰਦਰ ਨਿੱਜੀ ਰੂਪ ਵਿਚ ਪੇਸ਼ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਦੇਣ। ਉਨ੍ਹਾਂ ਕਿਹਾ ਸੀ ਕਿ ਜਦੋਂ ਤਕ ਸੁਖਬੀਰ ਸਿੰਘ ਬਾਦਲ ਨਿਮਾਣੇ ਸਿੱਖ ਵਾਂਗ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ, ਗੁਰੂ ਸਾਹਿਬ ਦੀ ਹਜ਼ੂਰੀ ਵਿਚ ਸਿੱਖ ਸੰਗਤ ਅਤੇ ਪੰਜ ਸਿੰਘ ਸਾਹਿਬਾਨ ਦੇ ਸਾਹਮਣੇ ਪੇਸ਼ ਹੋ ਕੇ ਆਪਣੇ ਗੁਨਾਹਾਂ ਦੀ ਮੁਆਫੀ ਨਹੀਂ ਮੰਗਦਾ ਉਦੋਂ ਤਕ ਉਸ ਨੂੰ ਤਨਖਾਹੀਆ ਐਲਾਨਿਆ ਜਾਂਦਾ ਹੈ। ਇਸ ਮਗਰੋਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਸੀ ਕਿ ਮੀਰੀ ਪੀਰੀ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਹੁਕਮ ਨੂੰ ਦਾਸ ਸਿਰ ਨਿਵਾਂ ਕੇ ਪ੍ਰਵਾਨ ਕਰਦਾ ਹੈ। ਹੁਕਮ ਅਨੁਸਾਰ ਜਲਦੀ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਪੇਸ਼ ਹੋ ਕੇ ਖ਼ਿਮਾ ਜਾਚਨਾ ਕਰਾਂਗਾ ਜੀ।



## ਮੁੱਖ ਮੰਤਰੀ ਮਾਨ ਤੇ ਰਾਜਪਾਲ ਕਟਾਰੀਆ ਸ੍ਰੀ ਦਰਬਾਰ ਸਾਹਿਬ ਹੋਏ ਨਤਮਸਤਕ, ਕਿਹਾ-ਕਿਸੇ ਸਿਆਸੀ ਗੱਲ ਦਾ ਨਹੀਂ ਦਿਆਂਗੇ ਜਵਾਬ

**ਅੰਮ੍ਰਿਤਸਰ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਸ਼ਨੀਵਾਰ ਨੂੰ ਅੰਮ੍ਰਿਤਸਰ ਪਹੁੰਚੇ। ਇਹ ਉਨ੍ਹਾਂ ਦੀ ਪਹਿਲੀ ਅੰਮ੍ਰਿਤਸਰ ਫੇਰੀ ਸੀ, ਜਿੱਥੇ ਉਨ੍ਹਾਂ ਦੇ ਨਾਲ ਸੀਐਮ ਭਗਵੰਤ ਮਾਨ ਵੀ ਸਨ। ਰਾਜਪਾਲ ਕਟਾਰੀਆ ਦੇ ਨਾਲ ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮ ਪਤਨੀ ਡਾ: ਗੁਰਪ੍ਰੀਤ ਕੌਰ ਵੀ ਹਨ। ਮੀਡੀਆ ਨਾਲ ਗੱਲਬਾਤ ਕਰਦਿਆਂ ਸੀ.ਐਮ ਮਾਨ ਨੇ ਸਪੱਸ਼ਟ ਕਿਹਾ ਕਿ ਉਹ ਕਿਸੇ ਵੀ ਸਿਆਸੀ ਮੁੱਦੇ 'ਤੇ ਜਵਾਬ ਨਹੀਂ ਦੇਣਗੇ। ਜ਼ਿਕਰਯੋਗ ਹੈ ਕਿ ਰਾਜਪਾਲ ਕਟਾਰੀਆ ਵੱਲੋਂ ਬੁਲਾਇਆ ਗਿਆ ਪੰਜਾਬ ਵਿਧਾਨ ਸਭਾ ਦਾ ਮਾਨਸੂਨ ਸੈਸ਼ਨ ਸੋਮਵਾਰ ਤੋਂ ਸ਼ੁਰੂ ਹੋ ਰਿਹਾ ਹੈ। ਰਾਜਪਾਲ ਕਟਾਰੀਆ ਵੱਲੋਂ ਬੁਲਾਇਆ ਗਿਆ ਇਹ ਪਹਿਲਾ ਮਾਨਸੂਨ ਸੈਸ਼ਨ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀ.ਐਮ ਮਾਨ ਨੇ ਕਿਹਾ ਕਿ ਪੰਜਾਬ ਦੇ ਰਾਜਪਾਲ ਦੀ ਨਵੀਂ ਨਿਯੁਕਤੀ ਕੀਤੀ ਗਈ ਹੈ। ਇਸੇ ਲਈ ਉਹ ਆਪਣੇ ਪਰਿਵਾਰ ਸਮੇਤ ਇੱਥੇ ਮੱਥਾ ਟੇਕਣ ਆਏ ਹਨ। ਸੀਐਮ ਨੇ ਸਪੱਸ਼ਟ ਕੀਤਾ ਕਿ ਅੱਜ ਉਹ ਕਿਸੇ ਵੀ ਸਿਆਸੀ ਮੁੱਦੇ ਦਾ ਜਵਾਬ ਨਹੀਂ ਦੇਣਗੇ। ਪੁੱਛਣ 'ਤੇ ਵੀ ਉਹ ਕਿਸੇ ਸਵਾਲ ਦਾ ਜਵਾਬ ਨਹੀਂ ਦੇਣੇਗੇ। ਜਿਸ ਤੋਂ ਬਾਅਦ ਰਾਜਪਾਲ ਨੇ ਕਿਹਾ ਕਿ ਉਹ ਪੰਜਾਬ ਦੇ ਰਾਜਪਾਲ ਵਜੋਂ ਅਜਿਹੀ ਧਰਤੀ ਉੱਤੇ ਆਏ ਹਨ ਜਿੱਥੇ ਗੁਰੂਆਂ ਦੀ ਕੁਰਬਾਨੀ ਸਦਕਾ ਭਾਰਤ ਦਾ ਇਹ ਸੱਭਿਆਚਾਰ ਅੱਜ ਤੱਕ ਸੁਰੱਖਿਅਤ ਹੈ। ਉਨ੍ਹਾਂ ਕਿਹਾ ਕਿ ਵਾਹਿਗੁਰੂ ਮੇਹਰ ਕਰੇ ਕਿ ਉਹ ਪੰਜਾਬ ਅਤੇ ਚੰਡੀਗੜ੍ਹ ਦੇ ਵਿਕਾਸ ਲਈ ਕੰਮ ਕਰ ਸਕਣ। ਦੇਸ਼ ਅਤੇ ਪੰਜਾਬ ਵਿੱਚ ਸ਼ਾਂਤੀ ਬਣੀ ਰਹੇ। ਪੰਜਾਬ ਦੇ ਰਾਜਪਾਲ ਕਟਾਰੀਆ ਨੇ ਇਸ ਸਾਲ 31 ਜੁਲਾਈ ਨੂੰ ਅਹੁਦਾ ਸੰਭਾਲਿਆ ਸੀ ਜਿਸ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੂੰ ਭਵਿੱਖ ਦੇ ਸਬੰਧਾਂ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਦਾ ਜਵਾਬ ਸੀ, ਸਮਾਂ ਦੱਸੇਗਾ। ਇਸ ਤੋਂ ਬਾਅਦ ਰਾਜਪਾਲ ਕਟਾਰੀਆ ਵੱਲੋਂ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਨੂੰ ਲੈ ਕੇ ਕਾਫੀ ਹੰਗਾਮਾ ਹੋਇਆ। ਵਿਰੋਧੀ ਧਿਰ ਨੇ ਇਸ ਨੂੰ ਮੁੱਦਾ ਬਣਾਉਣ ਦੀ ਕੋਸ਼ਿਸ਼ ਕੀਤੀ ਪਰ ਰਾਜਪਾਲ ਅਤੇ ਮੁੱਖ ਮੰਤਰੀ ਚੁੱਪ ਰਹੇ।



## ਪਤੰਜਲੀ ਦੇ ਸ਼ਾਕਾਹਾਰੀ ਉਤਪਾਦਾਂ 'ਚ ਮੱਛੀ ! ਮੱਚ ਗਈ ਤਰਥੱਲੀ, ਬਰਾਂਡਿੰਗ ਨੂੰ ਲੈ ਕੇ ਕੇਂਦਰ ਤੋਂ ਮੰਗਿਆ ਜਵਾਬ

**ਨਵੀਂ ਦਿੱਲੀ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਯੋਗ ਗੁਰੂ ਰਾਮਦੇਵ ਦੀ ਅਗਵਾਈ ਵਾਲੀ ਪਤੰਜਲੀ ਆਯੁਰਵੈਦਿਕ ਲਿਮਟਿਡ ਦੀਆਂ ਮੁਸ਼ਕਲਾਂ ਇੱਕ ਵਾਰ ਫਿਰ ਵਧਦੀਆਂ ਜਾ ਰਹੀਆਂ ਹਨ। ਦਰਅਸਲ, ਦਿੱਲੀ ਹਾਈ ਕੋਰਟ ਨੇ ਕੇਂਦਰ ਸਰਕਾਰ, ਫੂਡ ਸੇਫਟੀ ਸਟੈਂਡਰਡ ਅਥਾਰਟੀ ਆਫ ਇੰਡੀਆ ਅਤੇ ਪਤੰਜਲੀ ਤੋਂ ਕੰਪਨੀ ਦੇ ਦੰਦਾਂ ਦੀ ਦੇਖਭਾਲ ਉਤਪਾਦ ਦਿਵਿਆ ਦੰਤ ਮੰਜਨ ਦੀ ਕਥਿਤ ਗਲਤ ਬ੍ਰਾਂਡਿੰਗ ਦੇ ਦੋਸ਼ਾਂ ਵਾਲੀਆਂ ਪਟੀਸ਼ਨਾਂ 'ਤੇ ਜਵਾਬ ਮੰਗਿਆ ਹੈ। ਇਸ ਸਬੰਧੀ ਐਡਵੋਕੇਟ ਯਤਿਨ ਸ਼ਰਮਾ ਵੱਲੋਂ ਦਾਇਰ ਪਟੀਸ਼ਨ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਪਤੰਜਲੀ ਹਰੇ ਬਿੰਦੀ ਵਾਲੇ ਦਿਵਿਆ ਟੂਥਪੇਸਟ ਦੀ ਮਾਰਕੀਟ ਕਰਦੀ ਹੈ। ਇਸ ਦਾ ਮਤਲਬ ਹੈ ਕਿ ਇਸ ਉਤਪਾਦ ਨੂੰ ਬਣਾਉਣ ਵਿੱਚ ਸਿਰਫ਼ ਸ਼ਾਕਾਹਾਰੀ ਸਮੱਗਰੀ ਦੀ ਵਰਤੋਂ ਕੀਤੀ ਗਈ ਹੈ। ਪਰ, ਇਸ ਵਿੱਚ ਸਮੁੰਦਰੀ ਫੋਮ ਨਾਮਕ ਇੱਕ ਪਦਾਰਥ ਹੁੰਦਾ ਹੈ ਜੋ ਅਸਲ ਵਿੱਚ ਮੱਛੀ ਤੋਂ ਪ੍ਰਾਪਤ ਇੱਕ ਮਿਸ਼ਰਣ ਹੈ।



**ਪਤੰਜਲੀ ਗਲਤ ਬ੍ਰਾਂਡਿੰਗ ਕਰ ਰਹੀ ਹੈ :** ਸ਼ਰਮਾ ਦੀ ਪਟੀਸ਼ਨ ਮੁਤਾਬਕ ਇਹ ਡਰੱਗਜ਼ ਐਂਡ ਕਾਸਮੈਟਿਕਸ ਐਕਟ ਦੇ ਤਹਿਤ ਗਲਤ ਬ੍ਰਾਂਡਿੰਗ ਦਾ ਮਾਮਲਾ ਹੈ। ਹਾਲਾਂਕਿ, ਕਾਨੂੰਨ ਇਹ ਨਹੀਂ ਕਹਿੰਦਾ ਹੈ ਕਿ ਦਵਾਈਆਂ ਦੀ ਸ਼ਾਕਾਹਾਰੀ ਜਾਂ ਮਾਸਾਹਾਰੀ ਲੇਬਲਿੰਗ ਲਾਜ਼ਮੀ ਹੈ। ਪਰ, ਜੇਕਰ ਹਰੇ ਬਿੰਦੀ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਉਤਪਾਦ ਪੂਰੀ ਤਰ੍ਹਾਂ ਸ਼ਾਕਾਹਾਰੀ ਨਹੀਂ ਹੈ ਤਾਂ ਇਹ ਡਰੱਗਜ਼ ਅਤੇ ਕਾਸਮੈਟਿਕਸ ਐਕਟ ਦੀ ਉਲੰਘਣਾ ਹੈ। ਇਸ ਪਟੀਸ਼ਨ 'ਤੇ ਦਿੱਲੀ ਹਾਈ ਕੋਰਟ ਦੇ ਜੱਜ ਸੰਜੀਵ ਨਰੂਲਾ ਨੇ ਕੇਂਦਰ, FSSAI ਦੇ ਨਾਲ ਪਤੰਜਲੀ, ਰਾਮਦੇਵ, ਦਿਵਿਆ ਫਾਰਮੇਸੀ ਅਤੇ ਹੋਰ ਸਬੰਧਤ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਹੈ। ਪਟੀਸ਼ਨਕਰਤਾ ਦਾ ਕਹਿਣਾ ਹੈ ਕਿ ਪਤੰਜਲੀ ਦੇ ਉਤਪਾਦਾਂ ਵਿੱਚ ਮੱਛੀ ਆਧਾਰਿਤ ਮਿਸ਼ਰਣਾਂ ਦੀ ਮੌਜੂਦਗੀ ਉਸ ਲਈ ਅਤੇ ਉਸ ਦੇ ਪਰਿਵਾਰ ਲਈ ਸਦਮੇ ਵਾਲੀ ਗੱਲ ਹੈ ਕਿਉਂਕਿ ਉਹ ਇੱਕ ਪੂਰਨ ਸ਼ਾਕਾਹਾਰੀ ਹੈ। ਤੁਹਾਨੂੰ ਦੱਸ ਦੇਈਏ ਕਿ ਫੂਡ ਪ੍ਰੋਡਕਟਸ ਬਣਾਉਣ ਵਾਲੀਆਂ ਕੰਪਨੀਆਂ ਇਸ ਬਾਰੇ ਜਾਣਕਾਰੀ ਦਿੰਦੀਆਂ ਹਨ ਕਿ ਉਨ੍ਹਾਂ ਦੇ ਉਤਪਾਦ ਸ਼ਾਕਾਹਾਰੀ ਹਨ ਜਾਂ ਮਾਸਾਹਾਰੀ। ਇਹ ਬਿੰਦੀ ਸ਼ਾਕਾਹਾਰੀ ਉਤਪਾਦਾਂ 'ਤੇ ਹਰੇ ਰੰਗ ਦੀ ਹੁੰਦੀ ਹੈ ਅਤੇ ਮਾਸਾਹਾਰੀ ਉਤਪਾਦਾਂ 'ਤੇ ਲਾਲ ਰੰਗ ਦੀ ਹੁੰਦੀ ਹੈ। ਪਤੰਜਲੀ ਇਸ ਦੇ ਟੂਥ ਪਾਊਡਰ ਨੂੰ ਸ਼ੁੱਧ ਸ਼ਾਕਾਹਾਰੀ ਦੱਸਦੀ ਹੈ, ਪਰ ਇਸ ਪਟੀਸ਼ਨ ਨੇ ਉਸ ਲਈ ਮੁਸੀਬਤ ਦਾ ਨਵਾਂ ਭੰਬਲ ਖੜਾ ਕਰ ਦਿੱਤਾ ਹੈ।

## ਅੰਮ੍ਰਿਤਪਾਲ ਸਿੰਘ ਦੇ ਪਿਤਾ ਨੇ ਸ੍ਰੀ ਹਰਿਮੰਦਰ ਸਾਹਿਬ ਪਹੁੰਚਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੀ ਅਰਦਾਸ, ਕਿਹਾ-35 ਪਰਿਵਾਰਾਂ ਦੇ ਸਿੰਘ ਅਜੇ ਵੀ ਜੇਲ੍ਹਾਂ 'ਚ ਬੰਦ






**ਅੰਮ੍ਰਿਤਸਰ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨ ਸਮਰਥਕ ਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਬੰਦੀ ਸਿੱਖਾਂ ਦੀ ਰਿਹਾਈ ਲਈ ਅੱਜ ਹਰਿਮੰਦਰ ਸਾਹਿਬ ਪੁੱਜੇ। ਅੰਮ੍ਰਿਤਪਾਲ ਦੇ ਪਿਤਾ ਤਰਸੇਮ ਸਿੰਘ ਦੇ ਨਾਲ ਕਰੀਬ 35 ਅਜਿਹੇ ਪਰਿਵਾਰ ਪਹੁੰਚੇ, ਜਿਨ੍ਹਾਂ ਨੂੰ ਅੰਮ੍ਰਿਤਪਾਲ ਦੀ ਗ੍ਰਿਫ਼ਤਾਰੀ ਤੋਂ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਅੰਮ੍ਰਿਤਪਾਲ ਤੇ ਬੰਦੀ ਸਿੱਖਾਂ ਦੀ ਰਿਹਾਈ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕੀਤੀ। ਤਰਸੇਮ ਸਿੰਘ ਨੇ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕੀਤੀ ਗਈ ਜਿਸ ਤਰ੍ਹਾਂ ਗੁਰੂ ਮਹਾਰਾਜ ਨੇ 52 ਰਾਜਿਆਂ ਨੂੰ ਜੇਲ੍ਹ ਵਿੱਚੋਂ ਰਿਹਾਅ ਕਰਵਾਇਆ ਸੀ, ਸਾਡੀ ਅਰਦਾਸ ਹੈ ਕਿ ਇਸੇ ਤਰ੍ਹਾਂ ਜ਼ੁਲਮ ਤੇ ਜ਼ੁਲਮ ਵਿਰੁੱਧ ਸੱਚ ਲਈ ਲੜਨ ਵਾਲੇ ਜੇਲ੍ਹਾਂ ਵਿੱਚ ਬੰਦ ਸਿੱਖਾਂ ਨੂੰ ਵੀ ਰਿਹਾਅ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦਾ ਇਹ ਕਹਿਣਾ ਗ.ਲਤ ਹੈ ਕਿ ਡਿਬਰੂਗੜ੍ਹ ਜੇਲ 'ਚ ਬੰਦ ਅੰਮ੍ਰਿਤਪਾਲ ਤੇ ਹੋਰ ਸਾਥੀਆਂ ਨੂੰ ਛੱਡ ਕੇ ਬਾਕੀ ਸਾਰਿਆਂ ਨੂੰ ਰਿਹਾਅ ਕਰ ਦਿੱਤਾ ਗਿਆ ਹੈ ਪਰ ਉਨ੍ਹਾਂ ਦੇ ਧਿਆਨ ਵਿੱਚ ਲਿਆਉਣਾ ਚਾਹੁੰਦੇ ਹਾਂ ਕਿ ਅਜੇ ਵੀ 30-35 ਦੇ ਕਰੀਬ ਲੋਕ ਜੇਲ੍ਹਾਂ ਵਿੱਚ ਬੰਦ ਹਨ। ਇਨ੍ਹਾਂ ਵਿੱਚੋਂ ਬਹੁਤੇ ਅਜਨਾਲਾ ਥਾਣੇ ਦੀ ਘਟਨਾ ਵਿੱਚ ਵੀ ਸ਼ਾਮਲ ਨਹੀਂ ਸਨ। ਅਜਿਹੇ 'ਚ 3$ ਭਗਵੰਤ ਮਾਨ ਨੂੰ ਗ.ਲਤ ਬਿਆਨਬਾਜ਼ੀ ਨਹੀਂ ਕਰਨੀ ਚਾਹੀਦੀ, ਜੇ ਉਹ ਅਣਜਾਣ ਹਨ ਤਾਂ ਆਪਣੇ ਅਧਿਕਾਰੀਆਂ ਤੋਂ ਰਿਪੋਰਟ ਮੰਗ ਲੈਣ। ਤਰਸੇਮ ਸਿੰਘ ਦਾ ਕਹਿਣਾ ਹੈ ਕਿ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਅੰਮ੍ਰਿਤਪਾਲ ਤੇ ਉਸਦੇ ਸਾਥੀਆਂ ਤੋਂ ਇਲਾਵਾ ਹੋਰ ਕੈਦੀਆਂ ਨੂੰ ਰਿਹਾਅ ਕਰਨ ਦੇ ਮਾਮਲੇ ਵਿੱਚ ਸਿਆਸਤ ਖੇਡੀ ਜਾ ਰਹੀ ਹੈ। ਮਾਮੂਲੀ ਧਾਰਾਵਾਂ ਤਹਿਤ ਜੇਲ੍ਹਾਂ ਵਿੱਚ ਬੰਦ ਨੌਜਵਾਨਾਂ ਨੂੰ ਡੇਢ ਸਾਲ ਤੋਂ ਵੱਧ ਸਮੇਂ ਤੋਂ ਰਿਹਾਅ ਨਹੀਂ ਕੀਤਾ ਗਿਆ। ਜੇ 302 ਧਾਰਾ 'ਚ ਹੋਵੇ ਤਾਂ 6 ਮਹੀਨਿਆਂ 'ਚ ਜ਼ਮਾਨਤ ਦਿੱਤੀ ਜਾਂਦੀ ਹੈ ਪਰ ਛੋਟੀਆਂ ਧਾਰਾਵਾਂ 'ਚ ਜ਼ਮਾਨਤ ਨਹੀਂ ਦਿੱਤੀ ਜਾ ਰਹੀ। ਜੱਜਾਂ 'ਤੇ ਅਜਿਹਾ ਕੀ ਦਬਾਅ ਹੈ ਕਿ ਉਹ ਉਸ ਦੀ ਗੱਲ ਸੁਣਨ ਨੂੰ ਵੀ ਤਿਆਰ ਨਹੀਂ ਹਨ। ਹਾਈਕੋਰਟ ਤੱਕ ਵੀ ਪਹੁੰਚ ਕੀਤੀ ਗਈ ਪਰ ਉੱਥੇ ਵੀ ਜ਼ਮਾਨਤ ਨਹੀਂ ਮਿਲੀ।

## ਮਿਡਲਸਬਰੋ 'ਚ ਦੰਗਾ ਭੜਕਾਉਣ ਲਈ ਪੁਲਸ ਨੇ 11 ਸਾਲਾ ਲੜਕੇ ਨੂੰ ਕੀਤਾ ਗ੍ਰਿਫਤਾਰ

**ਲੰਡਨ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਇੰਗਲੈਂਡ ਦੇ ਸਾਊਥਪੋਰਟ ਵਿਚ ਹੋਏ ਚਾਕੂ ਹਮਲੇ ਤੋਂ ਬਾਅਦ ਪ੍ਰਦਰਸ਼ਨ ਰੁਕਣ ਦਾ ਨਾਂ ਨਹੀਂ ਲੈ ਰਹੇ ਹਨ। ਇਸ ਵਿਚਾਲੇ ਪੁਲਸ ਨੇ ਕਈ ਗ੍ਰਿਫਤਾਰੀਆਂ ਵੀ ਕੀਤੀਆਂ ਹਨ। ਇਨ੍ਹਾਂ ਪ੍ਰਦਰਸ਼ਨਾਂ ਸਬੰਧੀ ਪੁਲਸ ਨੇ ਕਿਹਾ ਹੈ ਕਿ ਬ੍ਰਿਟੇਨ ਦੇ ਦੰਗਿਆਂ ਦੌਰਾਨ ਮਿਡਲਸਬਰੋ ਵਿਚ ਗੜਬੜ ਕਰਨ ਲਈ ਇੱਕ 11 ਸਾਲ ਦੇ ਬੱਚੇ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਕਲੀਵਲੈਂਡ ਪੁਲਸ ਨੇ ਕਿਹਾ ਕਿ ਅਧਿਕਾਰੀਆਂ ਨੇ ਐਤਵਾਰ 4 ਅਗਸਤ ਨੂੰ ਗੜਬੜ ਦੇ ਸਬੰਧ ਵਿੱਚ 14 ਹੋਰ ਲੋਕਾਂ ਨੂੰ ਹਿਰਾਸਤ ਵਿਚ ਲਿਆ ਸੀ। ਫੋਰਸ ਨੇ ਕਿਹਾ ਕਿ ਅਧਿਕਾਰੀਆਂ ਦੀਆਂ ਟੀਮਾਂ ਅੱਜ ਸਵੇਰੇ ਉਨ੍ਹਾਂ ਲੋਕਾਂ ਨੂੰ ਨਿਸ਼ਾਨਾ ਬਣਾਉਣ ਲਈ ਨਿਕਲੀਆਂ ਜਿਨ੍ਹਾਂ ਨੂੰ ਇਸ ਗੜਬੜੀ ਵਿਚ ਸ਼ਾਮਲ ਮੰਨਿਆ ਜਾਂਦਾ ਹੈ। ਗ੍ਰਿਫਤਾਰ ਕੀਤੇ ਗਏ ਲੋਕਾਂ ਦੀ ਉਮਰ 11 ਤੋਂ 43 ਸਾਲ ਦੇ ਵਿਚਕਾਰ ਸੀ। 11 ਸਾਲ ਦੇ ਬੱਚੇ ਨੂੰ ਸਾਊਥਪੋਰਟ ਚਾਕੂ ਹਮਲੇ ਤੋਂ ਬਾਅਦ ਪ੍ਰਦਰਸ਼ਨਾਂ ਲਈ ਗ੍ਰਿਫਤਾਰ ਕੀਤਾ ਗਿਆ। ਉਸ ਨੂੰ ਇਸ ਦੌਰਾਨ ਸਭ ਤੋਂ ਘੱਟ ਉਮਰ ਦਾ ਵਿਅਕਤੀ ਮੰਨਿਆ ਜਾਂਦਾ ਹੈ।



**ਬ੍ਰਿਟੇਨ 'ਚ ਭਾਰਤੀ ਮੂਲ ਦੀ ਔਰਤ ਨੇ 10 ਸਾਲਾ ਧੀ ਦੀ ਹੱਤਿਆ ਦਾ ਦੋਸ਼ ਕਬੂਲਿਆ :** ਭਾਰਤੀ ਮੂਲ ਦੀ 33 ਸਾਲਾ ਔਰਤ ਨੇ ਸ਼ੁੱਕਰਵਾਰ ਨੂੰ ਆਪਣੀ 10 ਸਾਲਾ ਧੀ ਦੀ ਹੱਤਿਆ ਕਰਨ ਦੀ ਗੱਲ ਕਬੂਲ ਕਰ ਲਈ, ਜੋ ਇਸ ਸਾਲ ਦੀ ਸ਼ੁਰੂਆਤ ਵਿਚ ਇੰਗਲੈਂਡ ਦੇ ਵੈਸਟ ਮਿਡਲੈਂਡਜ਼ ਖੇਤਰ ਦੇ ਇੱਕ ਕਸਬੇ ਵਿੱਚ ਆਪਣੇ ਘਰ ਵਿੱਚ ਮ੍ਰਿਤਕ ਪਾਈ ਗਈ ਸੀ। ਜਸਕੀਰਤ ਕੌਰ, ਜਿਸ ਨੂੰ ਜੈਸਮੀਨ ਕੰਗ ਵਜੋਂ ਵੀ ਜਾਣਿਆ ਜਾਂਦਾ ਹੈ, 'ਤੇ 4 ਮਾਰਚ ਨੂੰ ਸ਼ੇ ਕੰਗ ਦੇ ਕਤਲ ਦਾ ਦੋਸ਼ ਲਗਾਇਆ ਗਿਆ ਸੀ ਜਦੋਂ ਵੈਸਟ ਮਿਡਲੈਂਡਜ਼ ਪੁਲਸ ਨੇ ਦੱਸਿਆ ਸੀ ਕਿ ਬੱਚੀ ਰੋਲੇ ਰੇਗਿਸ ਦੇ ਕਸਬੇ ਦੇ ਇੱਕ ਪਤੇ 'ਤੇ ਸੱਟਾਂ ਨਾਲ ਮਿਲੀ ਸੀ ਅਤੇ ਉਸ ਨੂੰ ਮੌਕੇ 'ਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ ਸੀ। ਕੌਰ ਨੇ ਹੁਣ ਆਪਣੀ ਜੇਲ੍ਹ ਤੋਂ ਵੀਡੀਓ ਲਿੰਕ ਰਾਹੀਂ ਇੱਕ ਛੋਟੀ ਸੁਣਵਾਈ ਦੌਰਾਨ ਵੁਲਵਰਹੈਂਪਟਨ ਕਰਾਊਨ ਕੋਰਟ ਨੂੰ ਦੱਸਿਆ ਹੈ ਕਿ ਉਹ ਆਪਣੀ ਧੀ ਦੇ ਕਤਲ ਲਈ ਦੋਸ਼ੀ ਹੈ। ਜੱਜ ਮਾਈਕਲ ਚੈਂਬਰਜ਼ ਨੇ ਸਜ਼ਾ ਸੁਣਾਉਣ ਲਈ 25 ਅਕਤੂਬਰ ਦੀ ਤਾਰੀਖ਼ ਤੈਅ ਕੀਤੀ ਹੈ, ਜਦੋਂ ਕੌਰ ਦੇ ਵਿਅਕਤੀਗਤ ਤੌਰ 'ਤੇ ਅਦਾਲਤ ਵਿਚ ਹਾਜ਼ਰ ਹੋਣ ਦੀ ਉਮੀਦ ਹੈ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ



ਸ੍ਰੀ ਅਕਾਲ ਤਖ਼ਤ ਸਾਹਿਬ



ਤਖ਼ਤ ਸ੍ਰੀ ਪਟਨਾ ਸਾਹਿਬ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ



ਤਖ਼ਤ ਸ੍ਰੀ ਦਮਦਮਾ ਸਾਹਿਬ



ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਣ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**


## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra
VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
www.damdamitaksal.net
ਮੁਕਤਾ T ਕੰਨਾ ਿ ਸਿਹਾਰੀ ੀ ਬਿਹਾਰੀ
ੁ ਔਂਕੜ ੂ ਦੁਲੈਂਕੜ ੇ ਲਾਂ ੈ ਦੁਲਾਵਾਂ
ੋ ਹੋੜਾ ੌ ਕਨੌੜਾ ੰ ਟਿੱਪੀ ਾਂ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਪੂਰਨਤਾ ਦਿਵਸ

**ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਪੂਰਨਤਾ ਦਿਵਸ ਅਤੇ ਜਨਮ ਦਿਹਾੜਾ ਪਿਆਰੇ ਭਾਈ ਦਈਆ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**




ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ

**ਸ਼ਨਿੱਚਰਵਾਰ 31 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 1 ਸਤੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ ।

ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

☛ ਸਰਦਾਈ ਦੀ ਛਬੀਲ ਵੀ ਲੱਗੇਗੀ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

**ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।**

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778



HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715128621





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

- ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।
- ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





# ਸਾਬਕਾ ਵਿਧਾਇਕ ਸ. ਡੈਨੀ ਬੰਡਾਲਾ ਦਿੱਲੀ ਦਾ ਇੰਚਾਰਜ ਤੇ ਆਲ ਇੰਡੀਆ ਸਕੱਤਰ ਬਣਨ ਤੇ ਵਾਹਿਗੁਰੂ ਜੀ ਦਾ ਸ਼ੁਕਰਾਨਾ ਕਰਨ ਲਈ ਗੁ: ਬਾਬਾ ਹੁੰਦਾਲ ਸਾਹਿਬ ਜੀ ਵਿਖੇ ਨਤਮਸਤਕ ਹੋਏ

**ਜੰਡਿਆਲਾ ਗੁਰੂ, 31 ਅਗਸਤ( ਕੁਲਵੰਤ ਸਿੰਘ ਵਿਰਦੀ )**-ਕਾਂਗਰਸ ਪਾਰਟੀ ਹਾਈ ਕਮਾਂਡ ਵੱਲੋ ਸਾਬਕਾ ਵਿਧਾਇਕ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੂੰ ਦਿੱਲੀ ਦਾ ਇੰਚਾਰਜ ਤੇ ਆਲ ਇੰਡੀਆ ਕਾਂਗਰਸ ਪਾਰਟੀ ਦਾ ਸਕੱਤਰ ਬਣਨ ਉਪਰੰਤ ਆਪਣ੧ੀ ਟੀਮ ਸਮੇਤ ਤਪ ਅਸਥਾਨ ਗੁਰਦੁਆਰਾ ਬਾਬਾ ਹੁੰਦਾਲ ਸਾਹਿਬ ਜੀ ਵਿਖੇ ਨਤਮਸਤਕ ਹੋਏ ਅਤੇ ਵਾਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ ਇਸ ਮੌਕੇ ਤੇ ਗੁਰਦੁਆਰਾ ਸਾਹਿਬ ਜੀ ਦੇ ਹੈੱਡ ਗ੍ਰੰਥੀ ਭਾਈ ਪ੍ਰਕਾਸ਼ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਸਾਬਕਾ ਵਿਧਾਇਕ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਦਾ ਧੰਨਵਾਦ ਕੀਤਾ ਇਸ ਮੌਕੇ ਤੇ ਕਾਂਗਰਸ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲੀ ਅਤੇ ਕਾਂਗਰਸ ਪਾਰਟੀ ਦੇ ਅਹੁਦੇਦਾਰਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਅਤੇ ਵਰਕਰਾਂ ਵੱਲੋਂ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੂੰ ਵਧਾਈ ਦਿੱਤੀ ਅਤੇ ਮੂੰਹ ਮਿੱਠਾ ਕਰਵਾਇਆ ਇਸ ਮੌਕੇ ਤੇ ਕੌਂਸਲਰ ਜਤਿੰਦਰ ਸਿੰਘ ਨਾਟੀ, ਚੇਅਰਮੈਨ ਇੰਦਰਜੀਤ ਸਿੰਘ ਕਾਂਗਰਸ ਪਾਰਟੀ ਜਿਲ੍ਹਾ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ, ਨੰਬਰਦਾਰ ਮਨਜੀਤ ਸਿੰਘ ਪੱਪੀ, ਚਰਨਜੀਤ ਸਿੰਘ ਟੀਟੋ, ਹੀਰਾ ਲਾਲ ਭਾਂਡਿਆਂ ਵਾਲਾ, ਜਤਿੰਦਰ ਸਿੰਘ ਬੰਡਾਲਾ, ਗੋਲਡੀ ਪ੍ਰਧਾਨ, ਨਿਰਮਲ ਸਿੰਘ ਪ੍ਰਧਾਨ, ਪ੍ਰਾਪਤ ਸਿੰਘ ਮਲਹੋਤਰਾ, ਅਮਿਤ ਕੁਮਾਰ, ਗੁਰਪ੍ਰੀਤ ਸਿੰਘ,ਸੁਨੀਲ ਚਤਰਥ, ਕੰਵਲਜੀਤ ਸਿੰਘ ਪਰਮਜੀਤ ਸਿੰਘ ਲਵਲੀ, ਬਾਬਾ ਜਸਬੀਰ ਸਿੰਘ ਟੋਨੀ, ਦਿਲਬਾਗ ਸਿੰਘ ਨੰਗਲ ਗੁਰੂ ਅਤੇ ਹੋਰ ਵੀ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਸਨ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥
FIRST BARSI
SHAHEED BHAI AVTAR SINGH KHANDA
Shaheed Bhai Avtar Singh Khanda followed the footsteps of his father Shaheed Bhai Kulwant Singh Khukrana, who contributed to the sangarsh launched by Sant Giani Jarnail Singh Ji Khalsa Bhindranwale.
Shaheed Bhai Avtar Singh Khanda's first barsi in the UK, has been organised at Gurdwara Baba Sang Smethwick.
Programme Details:
ARAMBHTA: FRIDAY 30 AUGUST AT 11AM
BHOG SRI AKHAND PAATH: SUNDAY 01 SEPTEMBER AT 11AM
ਆਵਾਜ਼ਿ ਕੌਮ
AWAZE QAUM
International Newspaper & WEB TV
GURDWARA BABA SANG JI
9 ST PAULS ROAD, SMETHWICK, WEST MIDLANDS, B66 1EE
On behalf of: The Sangat, Panthic Jathebandiyaan & Mata Charanjit Kaur Ji


ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥
A NA
ਪਹਿਲੀ ਬਰਸੀ
ਸ਼ਹੀਦ ਭਾਈ ਅਵਤਾਰ ਸਿੰਘ ਖੰਡਾ
ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਵਿੱਢੇ ਸੰਘਰਸ਼ ਵਿੱਚ ਯੋਗਦਾਨ ਪਾਉਣ ਵਾਲੇ ਸ਼ਹੀਦ ਭਾਈ ਕੁਲਵੰਤ ਸਿੰਘ ਜੀ ਖੁਖਰਾਣਾ ਦੇ ਪਾਏ ਪੂਰਨਿਆਂ ਤੇ ਚੱਲਣ ਵਾਲੇ ਉਨਾਂ ਦੇ ਨੌਜਵਾਨ ਸਪੁੱਤਰ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਪਹਿਲੀ ਬਰਸੀ ਦੇ ਸ਼ਹੀਦੀ ਸਮਾਗਮ ਗੁਰਦੁਆਰਾ ਬਾਬਾ ਸੰਗ ਸਮੇਦਿਕ ਵਿਖੇ ਉਲੀਕੇ ਗਏ ਹਨ
ਸਮਾਗਮ ਦਾ ਵੇਰਵਾ:
ਆਰੰਭਤਾ: ਸ਼ੁੱਕਰਵਾਰ 30 ਅਗਸਤ 11 ਵਜੇ
ਭੋਗ ਸ੍ਰੀ ਅਖੰਡ ਪਾਠ: ਐਤਵਾਰ 1 ਸਤੰਬਰ 11 ਵਜੇ
ਆਵਾਜ਼ਿ ਕੌਮ AWAZE QAUM International Newspaper & WEB TV
GURDWARA BABA SANG JI
9 ST PAULS ROAD, SMETHWICK, WEST MIDLANDS, B66 1EE
ਬੇਨਤੀ ਕਰਤਾ: ਸਮੂਹ ਸਾਧ ਸੰਗਤ, ਪੰਥਕ ਜਥੇਬੰਦੀਆਂ ਅਤੇ ਮਾਤਾ ਚਰਨਜੀਤ ਕੌਰ ਜੀ।

ਅਮਰੀਕਾ ਦੀਆਂ ਸਿੱਖ ਸੰਗਤਾਂ ਵੱਲੋਂ

# ਬਾਬਾ ਹਰਨਾਮ ਸਿੰਘ ਖ਼ਾਲਸਾ ਦਾ ਗੋਲਡ ਮੈਡਲ ਨਾਲ ਸਨਮਾਨ





**ਚੌਕ ਮਹਿਤਾ 31 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਆਪਣੇ ਅਮਰੀਕਾ ਦੀ ਸੰਖੇਪ ਧਰਮ ਪ੍ਰਚਾਰ ਫੇਰੀ ਮੌਕੇ ਨਿਊਯਾਰਕ ਏਅਰਪੋਰਟ ਪੁੱਜੇ, ਜਿੱਥੇ ਅਮਰੀਕਾ ਦੇ ਕੋਨੇ-ਕੋਨੇ ਤੋਂ ਪੁੱਜੀਆ ਹੋਈਆਂ ਸਿੱਖ ਸੰਗਤਾਂ ਦੇ ਵੱਡੇ ਇਕੱਠ ਨੇ ਉਹਨਾਂ ਦਾ ਭਰਵਾਂ ਸੁਆਗਤ ਕੀਤਾ। ਇਸ ਧਰਮ ਪ੍ਰਚਾਰਕ ਫੇਰੀ ਵਿੱਚ ਉਹਨਾਂ ਨੇ ਦਰਜਨ ਦੇ ਕਰੀਬ ਪ੍ਰਮੁੱਖ ਗੁਰਦੁਆਰਾ ਸਾਹਿਬਾਨਾਂ ਵਿੱਚ ਵੱਖ-ਵੱਖ ਗੁਰਮਤਿ ਸਮਾਗਮਾਂ ਵਿੱਚ ਇਕੱਤਰ ਸੰਗਤ ਦੇ ਵੱਡੇ ਇਕੱਠਾਂ ਨੂੰ ਸੰਬੋਧਨ ਕੀਤਾ ਅਤੇ ਕਥਾ ਵਿਚਾਰਾਂ ਦੁਆਰਾ ਸੰਗਤ ਨੂੰ ਗੁਰਬਾਣੀ ਸਿਧਾਂਤਾ ਨਾਲ ਜੋੜਿਆ। ਗੁਰਦੁਆਰਾ ਸਾਹਿਬ ਸ਼ਹੀਦਾਂ ਨਿਊਯਾਰਕ ਵਿਖੇ ਇੱਕਤਰ ਸਿੱਖ ਭਾਈਚਾਰੇ ਦੇ ਵੱਡੇ ਇਕੱਠ ਵਿੱਚ ਗੁਰਦੁਆਰਾ ਸਾਹਿਬ ਦੀ ਪ੍ਰਬੰਧਕੀ ਕਮੇਟੀ ਅਤੇ ਸਮੂਹ ਸੰਗਤਾਂ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦਾ ਗੋਲਡ ਮੈਡਲ ਦੇ ਨਾਲ ਸਨਮਾਨ ਕੀਤਾ ਗਿਆ। ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਬਤੌਰ ਮੁੱਖੀ ਦਮਦਮੀ ਟਕਸਾਲ ਪੰਥ ਵਿੱਚ ਅਨੇਕਾਂ ਵਡੇਰੇ ਕਾਰਜ ਕੀਤੇ ਗਏ ਹਨ। ਜਿਸ ਵਿੱਚ ਕੌਮ ਦੇ ਸ਼ਹੀਦਾ ਦੀਆਂ ਯਾਦਗਾਰਾਂ ਸਥਾਪਿਤ ਕਰਨੀਆ, ਦਮਦਮੀ ਟਕਸਾਲ ਦੇ ਮੁੱਖੀ ਸਾਹਿਬਾਨਾਂ ਦੇ ਯਾਦਗਾਰੀ ਸਥਾਨ ਕਾਇਮ ਕਰਨੇ, ਕਾਰ ਸੇਵਾ ਦੇ ਕਾਰਜ਼, ਗੁਰੂ ਕੇ ਲੰਗਰਾਂ ਦੇ ਕਾਰਜ ਅਤੇ ਪੰਥ ਦੇ ਸਿਧਾਤਾਂ ਤੇ ਪਹਿਰੇ ਦੇਣ ਲਈ ਵੱਡੇ ਇਕੱਠਾਂ ਦਾ ਆਯੋਜਨ ਪ੍ਰਮੁੱਖ ਹਨ। ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀਆਂ ਇਹਨਾਂ ਸੇਵਾਵਾਂ ਨੂੰ ਧਿਆਨ ਵਿੱਚ ਰੱਖ ਕੇ, ਉਹਨਾਂ ਨੇ ਸਮੂਹ ਅਮਰੀਕਾ ਦੀਆਂ ਸੰਗਤਾਂ ਵੱਲੋਂ ਅਤੇ ਗੁਰਦੁਆਰਾ ਸਾਹਿਬਾਨ ਦੀਆ ਕਮੇਟੀਆ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦਾ ਗੋਲਡ ਮੈਡਲ ਨਾਲ ਸਨਮਾਨ ਕੀਤਾ ਗਿਆ। ਇਸ ਤੋਂ ਇਲਾਵਾ ਬਾਬਾ ਜੀ ਨੇ ਅਮਰੀਕਾ ਦੇ ਪ੍ਰਮੁੱਖ ਗੁਰਦੁਆਰਾ ਸਾਹਿਬਾਨ- ਗੁ: ਸਿੰਘ ਸਭਾ ਕਾਰਟਰੇਟ, ਨਿਊਜਰਸੀ, ਗੁ: ਨਾਨਕ ਨਾਮ ਜਹਾਜ, ਗੁ: ਸਾਹਿਬ "ਦ ਸਿੱਖ ਕਲਚਰ ਸੋਸਾਇਟੀ" ਰਿਚਮੰਡ ਹਿੱਲ ਨਿਊਯਾਰਕ, ਗੁ: ਬਾਬੇ ਸ਼ਹੀਦਾਂ, ਹਿਕਸਵਿੱਲ, ਗੁ: ਬਾਬਾ ਮੱਖਣ ਸ਼ਾਹ ਲੁਬਾਣਾ, ਗੁਰਦੁਆਰਾ ਕਰਮਜੋਤ ਸਿੱਖ ਸੈਂਟਰ, ਗੁਰਦੁਆਰਾ ਗੁਰੂ ਨਾਨਕ ਦਰਬਾਰ ਆਫ ਲੌਂਗ ਆਈਲੈਂਡ, ਗੁਰਦੁਆਰਾ ਸੰਤਸਾਗਰ ਕੁਵੀਨਸ, ਨਿਊਯਾਰਕ ਵਿਖੇ ਵੀ ਹਾਜ਼ਰੀ ਭਰੀ। ਇਹਨਾਂ ਗੁਰਮਤਿ ਸਮਾਗਮਾਂ ਵਿੱਚ ਸਿੱਖ ਫੈਡਰੇਸ਼ਨ, ਸਿੱਖ ਯੂਥ ਆਫ ਅਮਰੀਕਾ, ਗੁਰੂ ਰਾਮਦਾਸ ਸੋਸਾਇਟੀ, ਸਿੱਖ ਕਲਚਰ ਸੋਸਾਇਟੀ (ਬੋਪਾਰਾਏ), ਸੰਤ ਬਾਬਾ ਪ੍ਰੇਮ ਸਿੱਖ ਕਲਚਰ ਸੋਸਾਇਟੀ ਦੇ ਨੁਮਾਇੰਦਿਆ ਨੇ ਵੀ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਸੰਤ ਬਾਬਾ ਬੰਤਾ ਸਿੰਘ ਮੁੰਡਾ ਪਿੰਡ, ਭਾਈ ਹਰਬੰਸ ਸਿੰਘ ਢਿੱਲੋ, ਭਾਈ ਭੁਪਿੰਦਰ ਸਿੰਘ ਬੋਪਾਰਾਏ, ਭਾਈ ਜਗੀਰ ਸਿੰਘ, ਪੰਥਕ ਆਗੂ ਬਲਦੇਵ ਸਿੰਘ ਗਿਲਜੀਆਂ, ਪ੍ਰੀਤਮ ਸਿੰਘ ਗਿਲਜੀਆਂ, ਭਾਈ ਗੁਰਦੇਵ ਸਿੰਘ ਕੰਗ, ਭਾਈ ਰਣਜੀਤ ਸਿੰਘ ਸੰਗੋਜਲਾ, ਭਾਈ ਬਲਜਿੰਦਰ ਸਿੰਘ, ਭਾਈ ਪਰਦੀਪ ਸਿੰਘ, ਭਾਈ ਦਵਿੰਦਰ ਸਿੰਘ ਬੋਪਾਰਾਏ, ਭਾਈ ਹਰਦੇਵ ਸਿੰਘ ਪੱਡਾ, ਭਾਈ ਹਰਚਰਨ ਸਿੰਘ, ਭਾਈ ਬੂਟਾ ਸਿੰਘ, ਭਾਈ ਜਗੀਰ ਸਿੰਘ, ਭਾਈ ਬਲਾਕਾਂ ਸਿੰਘ, ਭਾਈ ਬਲਜਿੰਦਰ ਸਿੰਘ, ਭਾਈ ਪਰਮਜੀਤ ਸਿੰਘ, ਭਾਈ ਕਸ਼ਮੀਰ ਸਿੰਘ, ਭਾਈ ਗੁਰਚਰਨ ਸਿੰਘ, ਭਾਈ ਪਰਦੀਪ ਸਿੰਘ, ਭਾਈ ਬਾਦਲ ਸਿੰਘ, ਗਿਆਨੀ ਅਮਰਬੀਰ ਸਿੰਘ, ਗਿਆਨੀ ਭੁਪਿੰਦਰ ਸਿੰਘ, ਗਿਆਨੀ ਮਨਜੀਤ ਸਿੰਘ ਵੀ ਹਾਜ਼ਰ ਸਨ।

**ਇੱਕ ਹਫਤੇ ਦੀ ਸੰਖੇਪ ਫੇਰੀ ਦੌਰਾਨ ਦਰਜਨ ਦੇ ਕਰੀਬ ਵੱਡੇ ਪੰਥਕ ਇਕੱਠਾਂ ਵਿੱਚ ਕੀਤਾ ਧਰਮ ਪ੍ਰਚਾਰ**

ਸੈਂਟ ਸੋਲਜਰ ਇਲੀਟ ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਮਿਹਨਤ ਸਦਕਾ

# ਸਕੂਲ ਨੇ ਪੰਜਾਬ ਖੇਤਰ ਦਾ ਸਟੇਟ ਚੈਂਪੀਅਨ ਬਣਨ ਦਾ ਮਾਣ ਹਾਸਿਲ ਕੀਤਾ




**ਜੰਡਿਆਲਾ ਗੁਰੂ, 31 ਅਗਸਤ ( ਕੁਲਵੰਤ ਸਿੰਘ ਵਿਰਦੀ )**-ਸੈਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਨੂੰ ਲੀਡ ਸਕੂਲ ਅਧੀਨ ਸਮਰ ਕੈਂਪ ਗਤੀਵਿਧੀ ਵਿੱਚ ਸਟੇਟ ਚੈਂਪੀਅਨ ਵਜੋਂ ਸਨਮਾਨਿਤ ਕੀਤਾ ਗਿਆ। ਇਹ ਸੈਂਟ ਸੋਲਜਰ ਸਕੂਲ ਲਈ ਬੜੇ ਮਾਣ ਵਾਲੀ ਗੱਲ ਹੈ। ਇਹ ਐਵਾਰਡ ਲੀਡ ਸਕੂਲ ਅਕੈਡਮੀ ਵੱਲੋਂ ਦਿੱਤਾ ਗਿਆ। ਜੋ ਵੀ ਇਹ ਪੁਰਸਕਾਰ ਸਨਮਾਨ ਲਿਆਉਂਦਾ ਹੈ ਅਤੇ ਭਵਿੱਖ ਵਿੱਚ ਆਪਣੇ ਲਈ ਹੋਰ ਸਫਲਤਾ ਦੇ ਦਰਵਾਜ਼ੇ ਖੋਲ੍ਹਦਾ ਹੈ। ਇਹ ਸਕੂਲ ਲਈ ਇੱਕ ਬਹੁਤ ਹੀ ਹੱਕਦਾਰ ਪੁਰਸਕਾਰ ਹੈ ਜੋ ਲਗਾਤਾਰ ਸਖ਼ਤ ਮਿਹਨਤ ਵਿੱਚ ਵਿਸ਼ਵਾਸ ਰੱਖਦਾ ਹੈ, ਅਤੇ ਉੱਤਮਤਾ ਨੂੰ ਅੱਗੇ ਵਧਾਉਣ ਦੀ ਚੋਣ ਕਰਦਾ ਹੈ। ਸਫਲਤਾ ਨੂੰ ਜਨਮ ਦੇਣ ਵਾਲੀ ਸਖ਼ਤ ਮਿਹਨਤ ਦਾ ਗਵਾਹ ਹੋਣਾ ਪ੍ਰੇਰਣਾਦਾਇਕ ਹੈ। ਇਹ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਸਾਂਝੇ ਯਤਨਾਂ ਸਦਕਾ ਹੀ ਸਕੂਲ ਨੂੰ ਅਜਿਹੇ ਵੱਕਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਕਿੰਡਰਗਾਰਟਨ ਅਤੇ ਪ੍ਰਾਇਮਰੀ ਵਿੰਗ (ਲੀਡ ਸਕੂਲ) ਦੇ ਸਾਰੇ ਅਧਿਆਪਕਾਂ ਨੂੰ ਸਮਰ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਵਧੀਆ ਪ੍ਰਦਰਸ਼ਨ ਕਰਨ ਲਈ ਮਾਰਗ ਦਰਸ਼ਨ ਕਰਨ ਲਈ ਵਧਾਈਆਂ, ਜਿਨ੍ਹਾਂ ਦੀ ਮੇਹਨਤ ਸਦਕਾ SSEC ਜੰਡਿਆਲਾ ਗੁਰੂ ਨੂੰ ਪੰਜਾਬ ਖੇਤਰ ਦਾ ਸਟੇਟ ਚੈਂਪੀਅਨ (ਸਮਰ ਕੈਂਪ) ਬਣਨ ਦਾ ਮਾਣ ਹਾਸਿਲ ਹੋਇਆ। ਇਸ ਮੌਕੇ ਤੇ ਸਤਿਕਾਰਯੋਗ ਪ੍ਰਿੰਸੀਪਲ ਮੈਮ ਸ਼੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਵਿਦਿਆਰਥੀਆਂ ਨੂੰ ਵੱਡਮੁੱਲੀ ਸਹਾਇਤਾ ਪ੍ਰਦਾਨ ਕਰਨ ਲਈ ਉਨ੍ਹਾਂ ਦੇ ਸਮਰਪਣ ਲਈ ਅਧਿਆਪਕਾਂ ਦੀ ਪ੍ਰਸ਼ੰਸਾ ਕੀਤੀ ਅਤੇ ਮਾਪਿਆਂ ਨਾਲ ਸਾਂਝੇਦਾਰੀ ਸਾਡੇ ਸਾਰੇ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਅਤੇ ਸਭ ਤੋਂ ਵੱਧ ਸਕਾਰਾਤਮਕ ਸਿੱਖਣ ਦਾ ਮਾਹੌਲ ਪ੍ਰਦਾਨ ਕਰਨ ਦੇ ਸਾਡੇ ਮਿਸ਼ਨ ਨੂੰ ਪੂਰਾ ਕਰਨ ਵਿੱਚ ਮਦਦ ਕਰਦੀ ਹੈ। ਓਹਨਾ ਕਿਹਾ ਕਿ ਅਸੀਂ ਲਗਨ ਨਾਲ ਮੇਹਨਤ ਜਾਰੀ ਰੱਖਾਂਗੇ ਅਤੇ ਆਪਣੇ ਲਈ ਇੱਕ ਬੈਂਚਮਾਰਕ ਸੈੱਟ ਕਰਾਂਗੇ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਸਾਰੇ ਅਧਿਆਪਕਾਂ ਅਤੇ ਵਿਿਆਰਥੀਆਂ ਦੀ ਮੇਹਨਤ ਨੂੰ ਸਰਾਹਿਆ। ਅਤੇ ਯੋਗ ਮੈਨੇਜਮੈਂਟ ਦੀ ਸ਼ਲਾਘਾ ਕੀਤੀ। ਜਿੰਨਾ ਦੀ ਅਣਥੱਕ ਮਿਹਨਤ ਸਦਕਾ ਸਕੂਲ ਨੂੰ ਇਹ ਵੱਕਾਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਜੀ, ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ, ਪ੍ਰਿਯੰਕਾ ਸ਼ਰਮਾ ਕੋਆਰਡੀਨੇਟਰ ਸਮੂੰਹ ਸਟਾਫ਼ ਅਤੇ ਬੱਚੇ ਹਾਜਿਰ ਸਨ।

# ਚੰਡੀਗੜ੍ਹ ਦੇ ਪੰਜ ਰੋਜ਼ਾ ਧਰਨੇ ਨੂੰ ਸਫਲ ਬਣਾਉਣ ਦੇ ਲਈ ਕਿਸਾਨ ਆਗੂਆਂ ਨੇ ਕੀਤੀ ਮੀਟਿੰਗ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਧੂਰੀ ਦੀ ਮੀਟਿੰਗ ਬਲਾਕ ਜਰਨਲ ਸਕੱਤਰ ਹਰਪਾਲ ਸਿੰਘ ਪੇਧਨੀ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਇਲਾਕੇ ਦੇ ਸਾਰੇ ਪਿੰਡਾਂ ਦੇਆਂ ਇਕਾਈਆਂ ਦੇ ਪ੍ਰਧਾਨ ਬੀਬੀਆਂ ਭੈਣਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਈਆਂ। ਜਿਸ ਵਿਚ ਸੂਬਾ ਆਗੂ ਜਗਤਾਰ ਸਿੰਘ ਕਾਲਾਝਾੜ, ਜਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਅਤੇ ਜਰਨਲ ਸਕੱਤਰ ਦਰਬਾਰਾ ਸਿੰਘ ਛਾਜਲੀ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਵਿਚ ਸਰਕਾਰ ਦੀ ਵਾਅਦਾ ਖਿਲਾਫੀ ਨੂੰ ਲੈ ਕੇ ਖੇਤੀ ਨੀਤੀ ਬਣਾਉਣ ਲਈ ਚੰਡੀਗੜ੍ਹ ਵਿਖੇ 1 ਸਤੰਬਰ ਤੋਂ ਲੈ ਕੇ 5 ਸਤੰਬਰ ਤੱਕ ਪੱਕਾ ਮੋਰਚਾ ਲੱਗੇਗਾ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ ਕਿਸਾਨ ਮਜ਼ਦੂਰ ਵਪਾਰੀ ਹਰ ਵਰਗ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਦੁਖੀ ਹੈ। ਲੱਗੇਗਾ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ ਕਿਸਾਨ, ਮਜ਼ਦੂਰ, ਵਪਾਰੀ ਹਰ ਵਰਗ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਦੁਖੀ ਹੈ। ਇਸ ਮੌਕੇ ਉਹਨਾਂ ਦੇ ਨਾਲ ਰਾਮ ਸਿੰਘ ਕੱਕੜਵਾਲ, ਕਰਮਜੀਤ ਸਿੰਘ ਬੇਨੜਾ, ਬਾਬੂ ਸਿੰਘ ਮੂਲੋਵਾਲ, ਬਲਵੰਤ ਸਿੰਘ ਘਨੌਰੀ, ਦਰਸ਼ਨ ਸਿੰਘ ਕਿਲਾ ਹਕੀਮਾਂ, ਜਰਨੈਲ ਸਿੰਘ ਜਹਾਂਗੀਰ, ਜੋਰਾ ਸਿੰਘ ਕੰਧਾਰਗੜ੍ਹ ਛੰਨਾ, ਮਹਿੰਦਰ ਸਿੰਘ ਭਸੌੜ, ਕਿਰਪਾਲ ਸਿੰਘ ਧੂਰੀ ਹਾਜਰ ਸਨ।

# ਜਤਿੰਦਰ ਸਿੰਘ ਸੋਨੀ ਮੰਡੇਰ ਬਣੇ ਵਪਾਰ ਮੰਡਲ ਪੰਜਾਬ ਦੇ ਸੂਬਾ ਚੇਅਰਮੈਨ



ਧੂਰੀ ( ਰਣਜੀਤ ਸਿੰਘ ਪੇਧਨੀ ) ਵਪਾਰ ਮੰਡਲ ਪੰਜਾਬ ਵੱਲੋਂ ਜੱਥੇਬੰਦਕ ਢਾਂਚੇ ਦੇ ਕੀਤੇ ਗਏ ਐਲਾਨ ਵਿੱਚ ਸਥਾਨਕ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ ਨੂੰ ਸੂਬਾ ਚੇਅਰਮੈਨ ਨਿਯੁਕਤ ਕੀਤਾ ਹੈ। ਇਸ ਨਿਯੁਕਤੀ ਤੇ ਸੂਬਾ ਕਮੇਟੀ ਦਾ ਧੰਨਵਾਦ ਕਰਦਿਆਂ ਜਤਿੰਦਰ ਸਿੰਘ ਸੋਨੀ ਮੰਡੇਰ ਨੇ ਕਿਹਾ ਕਿ ਜੱਥੇਬੰਦੀ ਨੇ ਉਨ੍ਹਾਂ ਨੂੰ ਜੋ ਜਿੰਮੇਵਾਰੀ ਸੌਂਪੀ ਹੈ, ਉਸਨੂੰ ਤਨਦੇਹੀ ਅਤੇ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਵਪਾਰੀਆਂ ਦੀਆਂ ਮੰਗਾਂ ਤੇ ਮੁਸ਼ਕਲਾ ਦੇ ਹੱਲ ਲਈ ਹਮੇਸ਼ਾ ਤੱਤਪਰ ਰਹਿਣਗੇ। ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਕਈ ਮੰਗਾਂ ਤੇ ਮੁਸ਼ਕਲਾਂ ਕਈ ਸਮੇਂ ਤੋਂ ਲਟਕਦੀਆਂ ਪਈਆਂ ਹਨ, ਜਿਸਤੇ ਡੱਟਵਾਂ ਪਹਿਰਾ ਦੇ ਕੇ ਹੱਲ ਕਰਵਾਉਣ ਦੀ ਲੋੜ ਹੈ।

# ਸ਼ਹੀਦ ਰਾਜ ਸਿੰਘ ਸਪੋਰਟਸ ਕਲੱਬ ਵੱਲੋਂ ਤੀਸਰਾ ਵਾਲੀਬਾਲ ਸੁਪਰ ਕੱਪ 7 ਸਤੰਬਰ ਨੂੰ : ਦਲਵੀਰ ਸਿੰਘ, ਰਣਜੀਤ ਸਿੰਘ ਧੰਦੀਵਾਲ





ਧੂਰੀ ( ਰਣਜੀਤ ਸਿੰਘ ਪੇਧਨੀ ) ਇੱਥੋਂ ਨੇੜਲੇ ਪਿੰਡ ਧੰਦੀਵਾਲ ਵਿਖੇ ਸ਼ਹੀਦ ਰਾਜ ਸਿੰਘ ਸਪੋਰਟਸ ਕਲੱਬ ਵੱਲੋਂ ਸਮੂਹ ਨਗਰ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਤੀਸਰਾ ਵਾਲੀਬਾਲ ਸੁਪਰ ਕੱਪ 7 ਸਤੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਲੱਬ ਪ੍ਰਧਾਨ ਦਲਵੀਰ ਸਿੰਘ ਅਤੇ ਆਪ ਆਗੂ ਰਣਜੀਤ ਸਿੰਘ ਧੰਦੀਵਾਲ ਪ੍ਰਮੁੱਖ ਉਮੀਦਵਾਰ ਬਲਾਕ ਸੰਮਤੀ ਜੋਨ ਧੰਦੀਵਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਜੇਤੂ ਟੀਮਾਂ ਨੂੰ ਦਿਲ ਖਿੱਚਵੇ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ ਅਤੇ ਸਮਾਜ ਵਿੱਚ ਲੋਕ ਪੱਖੀ ਸੇਵਾਵਾਂ ਨਿਭਾਅ ਰਹੇ ਸਮਾਜ ਸੇਵੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਇਨਾਮਾਂ ਦੀ ਵੰਡ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਧਰਮਪਤਨੀ ਡਾਕਟਰ ਗੁਰਪ੍ਰੀਤ ਕੌਰ ਅਤੇ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਪੰਜਾਬ ਕਰਨਗੇ। ਇਸ ਮੌਕੇ ਸਰਪੰਚ ਲਖਵੀਰ ਸਿੰਘ ਲੱਕੀ, ਦਲਵੀਰ ਸਿੰਘ ਪ੍ਰਧਾਨ ਜਸ਼ਨਪ੍ਰੀਤ ਮੀਤ ਪ੍ਰਧਾਨ ਮਨਦੀਪ ਸਿੰਘ ਖਜ਼ਾਨਚੀ, ਹੁਸ਼ਨਪ੍ਰੀਤ ਸਿੰਘ ਸਕੱਤਰ ਹਰਪ੍ਰੀਤ ਫ਼ੌਜੀ ਕੋਚ, ਕੁਲਦੀਪ ਸਿੰਘ ਜਗਵਿੰਦਰ ਸਿੰਘ ਪੰਜਾਬ ਪੁਲਿਸ ਸਤਵੀਰ ਸਿੰਘ ਔਰਗਨੇਜਰ, ਦੇਵੀ ਲਾਲ, ਰੋਬਿਨਪ੍ਰੀਤ ਸਿੰਘ, ਜਗਸੀਰ ਸਿੰਘ, ਮਨਪ੍ਰੀਤ ਸਿੰਘ, ਪਰਦੀਪ ਸਿੰਘ, ਲਵਦੀਪ ਸਿੰਘ, ਪਰਦੀਪ ਸਿੰਘ, ਰੁਪਿੰਦਰ ਸਿੰਘ, ਹਰਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਤਰਸ਼ਵੀਰ ਸਿੰਘ, ਗੁਰਕਰਨ ਸਿੰਘ, ਹੈਪੀ ਸਿੰਘ, ਅਮਨਦੀਪ ਸਿੰਘ, ਹਰਕਰਨਵੀਰ ਸਿੰਘ, ਸਾਹਿਲਪ੍ਰੀਤ ਸਿੰਘ, ਪਰਦੀਪ ਸਿੰਘ, ਅਕਾਸਦੀਪ, ਪੰਕਜ ਸ਼ਰਮਾ, ਗੁਰਵੀਰ ਸਿੰਘ, ਮਨਵੀਰ ਸਿੰਘ ਪਰਮਿੰਦਰ ਸਿੰਘ, ਰਸਪਿੰਦਰ ਸਿੰਘ ਮਹਿਕਪ੍ਰੀਤ ਸਿੰਘ, ਦਲਜੀਤ ਸਿੰਘ ਮਨਵੀਰ ਸਿੰਘ, ਸਹਿਜਪ੍ਰੀਤ ਸਿੰਘ ਤੋਂ ਇਲਾਵਾ ਹੋਰ ਵੀ ਪਤਵੰਤੇ ਹਾਜਰ ਸਨ।

ਆਵਾਜ਼ਿ ਕੌਮ AWAZE QAUM

ਖੁਸ਼ਹਾਲ ਕਿਸਾਨ, ਉੱਨਤ ਖੇਤੀ-ਵਰਦਾਨ ਦੇ ਖ਼ੂਬਸੂਰਤ ਫ਼ਲਸਫ਼ੇ ਨਾਲ ਗੁਰੂ ਕਾਸ਼ੀ ਯੂਨੀਵਰਸਿਟੀ ਦੀ

# ਤਿੰਨ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਸੀਟਾਸ-2024 ਸਮਾਪਤ






**ਤਲਵੰਡੀ ਸਾਬੋ**, 30 ਅਗਸਤ (**ਗੁਰਜੰਟ ਸਿੰਘ ਨਥੇਹਾ**)- ਖੇਤੀ ਵਿੱਚ ਆ ਰਹੀਆਂ ਮੁਸ਼ਕਿਲਾਂ ਤੇ ਸਮੱਸਿਆਵਾਂ ਦੇ ਸਮਾਧਾਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਆਯੋਜਿਤ ਤਿੰਨ ਰੋਜ਼ਾ ਅੰਤਰ-ਰਾਸ਼ਟਰੀ ਕਾਨਫਰੰਸ ਸੀਟਾਸ- 2024 ਦਾ ਸ਼ਾਨਦਾਰ ਸਮਾਪਨ ਸਮਾਰੋਹ ਵਰਸਿਟੀ ਦੇ ਆਡੀਟੋਰੀਅਮ ਵਿਖੇ ਆਯੋਜਿਤ ਕੀਤਾ ਗਿਆ। ਮੁੱਖ ਮਹਿਮਾਨ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਖੇਤੀ ਮਾਹਿਰਾਂ ਤੇ ਖੋਜਾਰਥੀਆਂ ਨੂੰ ਕਿਸਾਨਾਂ ਦੀ ਸਮੱਸਿਆਵਾਂ ਦੇ ਸਮਾਧਾਨ ਲਈ ਸੁਧਰੇ ਉੱਤਮ ਬੀਜਾਂ, ਵਿਗਿਆਨਿਕ ਵਿਧੀ ਨਾਲ ਵਾਤਾਵਰਣ ਪੱਖੀ ਖੇਤੀ ਅਤੇ ਲਾਹੇਵੰਦ ਕਿਸਾਨੀ ਲਈ ਹੋਰ ਖੋਜ ਕਾਰਜ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਨੌਜਵਾਨ ਕਿਸਾਨਾਂ ਨੂੰ ਆਧੁਨਿਕ ਢੰਗਾਂ ਨਾਲ ਜ਼ਿਹਰਾਂ ਮੁਕਤ ਅਤੇ ਘੱਟ ਪਾਣੀ ਵਾਲੀਆਂ ਫਸਲਾਂ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕਰਨ ਦੀ ਪ੍ਰੇਰਣਾ ਵੀ ਦਿੱਤੀ। ਉਨ੍ਹਾਂ ਖੇਤੀ ਵਿਗਿਆਨੀਆਂ, ਆਯੋਜਕਾਂ ਅਤੇ ਵਿਦਿਆਰਥੀਆਂ ਨੂੰ ਸਫ਼ਲ ਆਯੋਜਨ ਦੀ ਵਧਾਈ ਦਿੰਦਿਆਂ ਖੇਤੀ ਦੇ ਵਿਕਾਸ ਲਈ ਵਰਸਿਟੀ ਵੱਲੋਂ ਸਹਿਯੋਗ ਦਾ ਵਾਅਦਾ ਕੀਤਾ। ਕਾਨਫਰੰਸ ਦੀ ਤਿੰਨ ਦਿਨਾਂ ਦੀ ਕਾਰਗੁਜ਼ਾਰੀ ਦੀ ਰਿਪੋਰਟ ਪੜਦਿਆਂ ਡਾ. ਵਰਿੰਦਰ ਸਿੰਘ ਪਾਹਿਲ ਨੇ ਦੱਸਿਆ ਕਿ ਕਾਨਫਰੰਸ ਵਿੱਚ ਦੇਸ਼ਾਂ-ਵਿਦੇਸ਼ਾਂ ਦੇ 1030 ਵਿਗਿਆਨੀ ਅਤੇ ਖੋਜਾਰਥੀ ਰਜਿਸਟਰਡ ਹੋਏ। ਕਾਨਫਰੰਸ ਵਿੱਚ 50 ਪ੍ਰਤੀਭਾਗੀਆਂ ਨੇ ਆਨ ਲਾਈਨ ਪ੍ਰੈਜ਼ਨਟੇਸ਼ਨ ਦਿੱਤੀਆ। 270 ਪ੍ਰਤੀਭਾਗੀਆਂ ਵੱਲੋਂ ਆਫ਼ ਲਾਈਨ ਅਤੇ 25 ਪ੍ਰਤੀਭਾਗੀਆਂ ਵੱਲੋਂ ਆਨ ਲਾਈਨ ਪੋਸਟਰ ਪ੍ਰੈਜੇਂਟ ਕੀਤੇ ਗਏ। ਡਾ. ਰਤਨ ਲਾਲ ਵਰਲਡ ਫੂਡ ਪ੍ਰਾਇਜ਼ ਜੇਤੂ, ਡਾ. ਓ.ਪੀ. ਡਾਂਗੀ, ਕੈਨੇਡਾ, ਡਾ. ਅਰੁਣਾ ਕੈਲਾਰੂ ਅਮਰੀਕਾ, ਡਾ. ਇੰਦਰਜੀਤ ਸਿੰਘ, ਡਾ. ਐਸ.ਕੇ. ਮਲਹੋਤਰਾ, ਡਾ. ਸ਼ੁਵੇਤ ਕਮਲ, ਡਾ. ਪ੍ਰਦੀਪ ਜੁਨੇਜਾ, ਡਾ. ਐਮ.ਐਸ. ਸਿੱਧੂ, ਡਾ. ਆਰ.ਐਸ. ਸਾਂਗਵਾਨ, ਡਾ. ਪ੍ਰਭਜੀਤ ਸਿੰਘ, ਡਾ. ਓ.ਪੀ. ਧਨਖੜ ਅਮਰੀਕਾ, ਡਾ. ਐਚ.ਐਸ. ਜਾਟ ਕਾਨਫਰੰਸ ਦੇ ਕੁੰਜੀਵੱਤ ਬੁਲਾਰੇ ਰਹੇ। ਵਿਸ਼ੇਸ਼ ਮਹਿਮਾਨ ਡਾ. ਅਨਿਲ ਸ਼ਰਮਾ, ਮੋਂਹਾਲੀ, ਡਾ. ਤੇਜਦੀਪ ਕੌਰ, ਡਾਇਰੈਕਟਰ ਆਤਮਾ, ਬਠਿੰਡਾ ਨੇ ਖੇਤੀ ਅਤੇ ਸਹਾਇਕ ਧੰਦਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਆਯੋਜਕਾਂ ਵੱਲੋਂ ਔਰਲ ਸੈਸ਼ਨ ਅਤੇ ਪੋਸਟਰ ਸੈਸ਼ਨ ਦੇ ਜੇਤੂਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਡਾ. ਅਜੈ ਕੁਮਾਰ ਗੁਪਤਾ ਕਨਵੀਨਰ ਨੇ ਪਤਵੰਤਿਆਂ ਦਾ ਸਵਾਗਤ ਕਰਦੇ ਹੋਏ ਦੱਸਿਆ ਕਿ ਖੇਤੀ ਉਤਪਾਦਨ ਦਾ ਭਾਰਤ ਦੀ ਜੀ.ਡੀ.ਪੀ. ਵਿੱਚ ਵਿਸ਼ੇਸ਼ ਯੋਗਦਾਨ ਹੈ, ਸੋ ਭਾਰਤ ਅਤੇ ਭਾਰਤ ਵਾਸੀਆਂ ਦੀ ਖ਼ੁਸ਼ਹਾਲੀ ਲਈ ਖੇਤੀ ਯੂਨੀਵਰਸਿਟੀਆਂ ਦੇ ਮਾਹਿਰਾਂ ਅਤੇ ਖੋਜ਼ਾਰਥੀਆਂ ਨੂੰ ਸਮੇਂ ਦੀ ਲੋੜ ਅਨੁਸਾਰ ਕਿਸਾਨਾਂ ਦੀ ਖੁਸ਼ਹਾਲੀ ਲਈ ਦਿਨ-ਰਾਤ ਮਿਹਨਤ ਕਰਨੀ ਪਵੇਗੀ। ਡਾ. ਆਰ.ਪੀ. ਸਹਾਰਨ, ਡੀਨ ਫੈਕਲਟੀ ਆਫ਼ ਐਗਰੀਕਲਚਰ ਅਤੇ ਕਨਵੀਨਰ ਨੇ ਵਰਸਿਟੀ ਪ੍ਰਬੰਧਕਾਂ, ਵੱਖ-ਵੱਖ ਉਦਯੋਗਿਕ ਅਦਾਰਿਆਂ, ਫੈਕਲਟੀ ਮੈਂਬਰਾਂ, ਪ੍ਰਾਯੋਜਕਾਂ ਅਤੇ ਸਟਾਫ਼ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਆਯੋਜਨ ਦੇਸ਼ ਦੀ ਤਰੱਕੀ ਵਿੱਚ ਵੱਡਮੁੱਲਾ ਯੋਗਦਾਨ ਪਾਉਂਦੇ ਹਨ। ਮੰਚ ਸੰਚਾਲਨ ਦੀ ਭੂਮਿਕਾ ਲਵਲੀਨ ਸੱਚਦੇਵਾ, ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਅਤੇ ਡਾ. ਵਿਕਾਸ ਗੁਪਤਾ, ਡਿਪਟੀ ਡਾਇਰੈਕਟਰ ਵੱਲੋਂ ਬਾਖ਼ੂਬੀ ਅਦਾ ਕੀਤੀ ਗਈ।



ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਵੱਲੋਂ

# ਐਸ ਐਮ ਓ ਡਾ: ਮਨਜੀਤ ਸਿੰਘ ਰਟੌਲ ਸਨਮਾਨਿਤ



**ਚੌਕ ਮਹਿਤਾ**, 31 ਅਗਸਤ (**ਬਾਬਾ ਸੁਖਵੰਤ ਸਿੰਘ ਚੰਨਣਕੇ**) -ਡਾਕਟਰ ਮਨਜੀਤ ਸਿੰਘ ਰਟੌਲ ਨੂੰ ਸੀਨੀਅਰ ਮੈਡੀਕਲ ਅਫਸਰ, ਝਬਾਲ, ਤਰਨ ਤਾਰਨ ਦਾ ਅਹੁਦਾ ਸੰਭਾਲਣ ਤੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ, ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ, ਸਕੱਤਰ ਸੰਜੀਵ ਆਨੰਦ ਸੀਨੀਅਰ ਚੀਫ਼ ਫਾਰਮੇਸੀ ਅਫ਼ਸਰ, ਜ਼ਿਲ੍ਹਾ ਪ੍ਰਧਾਨ ਰਘੂ ਤਲਵਾੜ, ਡਾਕਟਰ ਮਦਨ ਮੋਹਨ ਸੇਵਾ ਮੁਕਤ ਐਸ ਐਮ ਓ, ਗੁਰਦੇਵ ਸਿੰਘ, ਬਚਿੱਤਰ ਸਿੰਘ, ਸੁਨੀਲ ਕੁਮਾਰ ਐਮ ਐਲ ਟੀ ਵਲੋਂ ਸਨਮਾਨਿਤ ਕੀਤਾ ਗਿਆ ਇਸ ਮੌਕੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਨੇ ਵਿਸ਼ਵਾਸ ਦਿਵਾਇਆ ਕਿ ਐਸੋਸੀਏਸ਼ਨ ਹਰ ਚੰਗੇ ਕੰਮ ਲਈ ਸੀਨੀਅਰ ਮੈਡੀਕਲ ਅਫਸਰ ਡਾਕਟਰ ਮਨਜੀਤ ਸਿੰਘ ਰਟੌਲ ਝਬਾਲ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ ਇਸ ਮੌਕੇ ਡਾਕਟਰ ਮਨਜੀਤ ਸਿੰਘ ਰਟੌਲ ਐਸ ਐਮ ਓ ਨੂੰ ਵਧਾਈ ਦਿੱਤੀ।

# ਐਮਰਜੈਂਸੀ ਫ਼ਿਲਮ ਬਣਾਕੇ ਕੰਗਣਾ ਨੇ ਸਿੱਖ ਧਰਮ 'ਤੇ ਸਿੱਧਾ ਹਮਲਾ ਕੀਤਾ : ਪੰਮਾ ਬਾਠ



**ਧੂਰੀ ( ਰਣਜੀਤ ਸਿੰਘ ਪੇਧਨੀ )**-ਐਮਰਜੈਂਸੀ ਫਿਲਮ ਬਣਾਕੇ ਕੰਗਣਾ ਨੇ ਸਿੱਖ ਧਰਮ 'ਤੇ ਸਿੱਧਾ ਹਮਲਾ ਕੀਤਾ ਹੈ ਅਤੇ ਸਿੱਖ ਅਜਿਹੀਆਂ ਕਾਰਵਾਈਆਂ ਬਰਦਾਸ਼ਤ ਨਹੀਂ ਕਰਨਗੇ ਅਤੇ ਨਾਂ ਹੀ ਅਜਿਹੀ ਫਿਲਮ ਚੱਲਣ ਦੇਣਗੇ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਸੁਧਾਰ ਲਹਿਰ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਹਨਾਂ ਕਿਹਾ ਕਿ ਦੇਸ਼ ਚ ਸ਼ਾਂਤੀ ਬਣਾਈ ਰੱਖਣ ਲਈ ਕੇਂਦਰ ਤੇ ਰਾਜ ਸਰਕਾਰਾ ਤੁਰੰਤ ਫਿਲਮ ਕੌਨ ਕਰਨ । ਕੰਗਣਾ ਦੀ ਇਹ ਫਿਲਮ ਸਿੱਖਾਂ ਨੂੰ ਬਦਨਾਮ ਕਰਨ ਦੀ ਇੱਕ ਸ਼ਾਜਿਸ਼ ਹੈ। ਇਸ ਫਿਲਮ ਨੂੰ ਪੰਜਾਬ ਵਿੱਚ ਕਿਸੇ ਵੀ ਕੀਮਤ ਨਹੀਂ ਚੱਲਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਇਹ ਫਿਲਮ ਰਿਲੀਜ ਹੁੰਦੀ ਹੈ ਤਾਂ ਇਸ ਨਾਲ ਪੰਜਾਬ ਦਾ ਮਹੌਲ ਖਰਾਬ ਹੋ ਸਕਦਾ ਹੈ । ਇਸ ਵਾਸਤੇ ਉਹ ਜਿੱਥੇ ਕੇਂਦਰੀ ਫਿਲਮ ਸੈਂਸਰ ਬੋਰਡ ਨੂੰ ਅਪੀਲ ਕਰਦੇ ਹਨ ਕਿ ਉਹ ਇਸ ਵਿਵਾਦਤ ਫਿਲਮ ਨੂੰ ਰਿਲੀਜਿੰਗ ਸਰਟੀਫਿਕੇਟ ਨਾ ਦੇਣ ਉਥੇ ਹੀ ਪੰਜਾਬ ਸਰਕਾਰ ਨੂੰ ਵੀ ਬੇਨਤੀ ਕਰਦੇ ਹਨ ਕਿ ਜੇਕਰ ਕਿਸੇ ਕਾਰਨ ਫਿਲਮ ਰਿਲੀਜ ਵੀ ਹੁੰਦੀ ਹੈ, ਤਾ ਪੰਜਾਬ ਦੇ ਸਿਨੇਮਾ ਘਰਾਂ ਵਿੱਚ ਇਸ ਨੂੰ ਬੈਨ ਕੀਤਾ ਜਾਵੇ।

# ਸੈਂਟਰ ਬਲਬੇੜਾ ਵਿਖੇ ਹੋਣਹਾਰ ਅਧਿਆਪਿਕਾ ਅੰਜੂ ਬਾਲਾ ਦੀ ਨਿਯੁਕਤੀ

## ਹੀਰੇ ਦੀ ਪਰਖ ਜੌਹਰੀ ਨੂੰ ਹੁੰਦੀ ਆ : ਮਾਸਟਰ ਸਤੀਸ਼ ਵਿਦਰੋਹੀ




ਬੀਤੇ ਦਿਨੀਂ ਸਿੱਖਿਆ ਵਿਭਾਗ ਵੱਲੋਂ ਆਨ ਲਾਈਨ ਬਦਲੀਆਂ ਕੀਤੀਆਂ ਗਈਆਂ । ਜਿਸ ਤਹਿਤ ਸੈਂਟਰ ਬਲਬੇੜਾ ਅਧੀਨ ਪੈਂਦੇ ਪ੍ਰਾਇਮਰੀ ਸਕੂਲ ਨਨਾਨਸੁ ਵਿਖੇ ਸ਼੍ਰੀ ਮਤੀ ਅੰਜੂ ਬਾਲਾ ਨੇ ਮੁੱਖ ਅਧਿਆਪਕ ਵਜੋਂ ਅਹੁਦਾ ਸੰਭਾਲ ਲਿਆ ਹੈ । ਪਿਛਲੇ ਲੰਮੇ ਸਮੇ ਤੋ ਇਸ ਸਕੂਲ ਨੂੰ ਮਿਹਨਤੀ ਅਤੇ ਤਜੁਰਬੇਕਾਰ ਅਧਿਆਪਕ ਦੀ ਲੋੜ ਵੀ ਸੀ, ਲਗਾਤਾਰ ਆਰਜੀ ਪ੍ਰਬੰਧ ਤੋਂ ਕੰਮ ਕਰਦੇ ਅਧਿਆਪਕਾਂ ਅਤੇ ਮਾਪਿਆਂ ਵਿੱਚ ਬੱਚਿਆਂ ਦੀ ਪੜ੍ਹਾਈ ਨੂੰ ਲੈ ਕੇ ਫਿਕਰ ਸੀ ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਪਿੰਡ ਵਾਸੀਆਂ ਦੀ ਸਿੱਖਿਆ ਵਿਭਾਗ ਤੋਂ ਇਹ ਮੰਗ ਵੀ ਸੀ ਕਿ ਪਿੰਡ ਦੇ ਸਕੂਲ ਵਿੱਚ ਅਧਿਆਪਕਾਂ ਦੀ ਕਮੀ ਨੂੰ ਪੂਰਾ ਕੀਤਾ ਜਾਵੇ । ਅੰਜੂ ਬਾਲਾ ਬਹੁਤ ਹੀ ਮਿਹਨਤੀ ਅਧਿਆਪਕ ਹਨ ਉਹ ਟੀਚਿੰਗ ਫੈਲੋ ਦੇ ਤੌਰ ਤੇ ਮਹਿਮਦਪੁਰ ਜੱਟਾਂ ਅਤੇ ਦੌਲਤ ਪੁਰ ਬਲਾਕ ਪਟਿਆਲਾ-1 ਦੇ ਸਕੂਲਾਂ ਨੂੰ ਸੁਪਰ ਸਮਾਰਟ ਬਣਾਉਣ ਲਈ ਸ਼ਾਨਦਾਰ ਸੇਵਾਵਾਂ ਦੇ ਚੁੱਕੇ ਹਨ । ਸਮੂਹ ਸਟਾਫ ਬਲਬੇੜਾ ਨੇ ਇਸ ਮੌਕੇ ਕਿਹਾ ਕਿ ਉਹਨਾਂ ਦੇ ਆਉਣ ਨਾਲ ਬਲਬੇਹੜਾ ਸੈਂਟਰ ਨੂੰ ਚਾਰ ਚੰਨ ਲੱਗ ਗਏ ਹਨ । ਅਜਿਹੇ ਅਧਿਆਪਕ ਵਿਦਿਆਰਥੀਆਂ ਲਈ ਚਾਨਣ ਮੁਨਾਰਾ ਸਾਬਿਤ ਹੁੰਦੇ ਹਨ । ਅਧਿਆਪਕ ਸਤੀਸ਼ ਵਿਦਰੋਹੀ ਨੇ ਦੱਸਿਆ ਹੀਰੇ ਦੀ ਪਰਖ ਜੌਹਰੀ ਨੂੰ ਹੀ ਹੁੰਦੀ ਹੈ ਸੋ ਨਨਾਨਸੁ ਵਾਸੀਆਂ ਵੱਲੋਂ ਅਧਿਆਪਿਕਾ ਅੰਜੂ ਬਾਲਾ ਜੀ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸਮੂਹ ਪਤਵੰਤੇ ਸੱਜਣਾਂ ਵੱਲੋਂ ਭਰਪੂਰ ਸਹਿਯੋਗ ਦਾ ਭਰੋਸਾ ਦਿਵਾਇਆ ਗਿਆ । ਇਸ ਮੌਕੇ ਰਾਜੀਵ ਸੂਦ, ਪਵਨ ਕੁਮਾਰ, ਸਤੀਸ਼ ਵਿਦਰੋਹੀ, ਪਰਵੇਸ਼ ਕੁਮਾਰ, ਸਿਮਰਨਜੀਤ ਕੌਰ, ਰਣਬੀਰ ਰਾਣਾ , ਆਂਗਣਵਾੜੀ ਵਰਕਰ ਮਿਡ ਡੇਅ ਮੀਲ ਸਟਾਫ ਅਤੇ ਪਿੰਡ ਵਾਸੀ ਮੌਜੂਦ ਰਹੇ ।

**-ਪਰਗਟ ਸਿੰਘ ਬਲਬੇੜ੍ਹਾ, 9022000070**

# ਜਨਮ ਦਿਨ ਮੁਬਾਰਕ






**ਨਿਆਮਤ ਕੌਰ**
ਪਿਤਾ ਅਮਲੋਕ ਸਿੰਘ
ਮਾਤਾ ਮਨਪ੍ਰੀਤ ਕੌਰ
ਵਾਸੀ ਪਿੰਡ ਬਾਲੀਆ




**ਮਹਿਤਾਬ ਸਿੰਘ ਵਾਲੀਆ**
ਪਿਤਾ ਲਾਭ ਸਿੰਘ ਵਾਲੀਆ, ਪੂੰਨਾਵਾਲ

ਆਵਾਜ਼ਿ ਕੌਮ AWAZE QAUM International Newspaper & WEB TV

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜ਼ੋਨ

# ਸਠਿਆਲੀ ਦਾ ਜੱਥਾ ਸ਼ੰਭੂ ਬਾਰਡਰ ਲਈ ਰਵਾਨਾ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 31 ਅਗਸਤ (ਕੁਲਜੀਤ ਸਿੰਘ ਖੋਖਰ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜੋਨ ਸਠਿਆਲੀ ਦਾ ਜਥਾ ਗੁਰਦੁਆਰਾ ਨਾਨਕਸਰ ਤੋਂ ਸੰਭੂ ਬਾਰਡਰ ਤੇ 200 ਦਿਨ ਪੂਰੇ ਹੋਣ ਤੇ ਕਿਸਾਨਾ ਦੇ ਇਕੱਠ ਲਈ ਰਵਾਨਾ ਹੋਇਆ। ਇਸ ਮੌਕੇ ਇਕੱਤਰ ਹੋਏ ਕਿਸਾਨ ਆਗੂਆਂ ਨੇ ਸਾਂਝੇ ਤੌਰ ਤੇ ਦੱਸਿਆ ਕਿ ਅੱਜ ਕਿਸਾਨ ਜਥੇਬੰਦੀਆਂ ਦੇ ਵੱਲੋਂ ਸ਼ੰਭੂ ਬਾਰਡਰ ਤੇ ਲਗਾਏ ਮੋਰਚੇ ਨੂੰ 200 ਦਿਨ ਪੂਰਾ ਹੋ ਗਿਆ। ਪਰ ਅਜੇ ਤੱਕ ਸਰਕਾਰ ਤੇ ਸਿਰ ਤੇ ਜੂੰ ਨਹੀਂ ਸਰਕੀ ਅਤੇ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਨਹੀਂ ਕੀਤਾ। ਉਹਨਾਂ ਕਿਹਾ ਕਿ ਜਿੰਨੀ ਦੇਰ ਤੱਕ ਕੇਂਦਰ ਸਰਕਾਰ ਕਿਸਾਨਾਂ ਦੇ ਮੰਗ ਮਸਲੇ ਹੱਲ ਨਹੀਂ ਕਰ ਦਿੰਦੀ ਜਥੇਬੰਦੀਆਂ ਵੱਲੋਂ ਸ਼ੰਭੂ ਬਾਰਡਰ ਤੇ ਇਸੇ ਤਰ੍ਹਾਂ ਹੀ ਮੋਰਚਾ ਅਗਲੇ ਸਮਿਆਂ ਤੱਕ ਲਗਾਤਾਰ ਨਿਰੰਤਰ ਜਾਰੀ ਰਹੇਗਾ। ਉਹਨਾਂ ਦੱਸਿਆ ਕਿ ਲਗਾਤਾਰ ਪਿੰਡਾਂ ਦੇ ਵਿੱਚ ਮੀਟਿੰਗਾਂ ਲਗਾ ਕੇ ਕਿਸਾਨਾਂ ਨੂੰ ਸੰਘਰਸ਼ ਦੇ ਲਈ ਲਾਮਬੰਦ ਕੀਤਾ ਜਾ ਰਿਹਾ ਅਤੇ ਇਸ ਦੌਰਾਨ ਕਿਸਾਨਾਂ ਦੇ ਵੱਲੋਂ ਕੇਂਦਰ ਸਰਕਾਰ ਦਾ ਆਏ ਦਿਨ ਹੀ ਪਿੱਟ ਸਿਆਪਾ ਕੀਤਾ ਜਾ ਰਿਹਾ ਤੇ ਕੇਂਦਰ ਸਰਕਾਰ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀਆਂ ਕੀਤੀਆ ਜਾ ਰਹੀਆਂ ਹਨ। ਉਹਨਾਂ ਦੱਸਿਆ ਕਿ ਜੇਕਰ ਜਲਦ ਹੀ ਕੇਂਦਰ ਸਰਕਾਰ ਨੇ ਕਿਸਾਨਾਂ ਦੇ ਮੰਗ ਮਸਲਿਆਂ ਦਾ ਹੱਲ ਨਾ ਕੀਤਾ ਤਾਂ ਜਿਵੇਂ ਇਹ ਮੋਰਚਾ 200 ਦਿਨ ਲਈ ਪੂਰਾ ਹੋ ਗਿਆ ਆਉਣ ਵਾਲੇ ਸਮਿਆਂ ਤੇ ਵਿੱਚ ਇਸੇ ਤਰ੍ਹਾਂ ਲਗਾਤਾਰ ਜਾਰੀ ਰਹੇਗਾ। ਅਤੇ ਕਿਸਾਨ ਜਥੇਬੰਦੀ ਦੇ ਵੱਲੋਂ ਜਥੇਬੰਦੀ ਦੇ ਝੰਡੇ ਹੇਠ ਲਗਾਤਾਰ ਜੋ ਸੰਘਰਸ਼ ਕੀਤਾ ਜਾ ਰਿਹਾ ਉਸ ਨੂੰ ਅਗਲੇ ਸਮਿਆਂ ਦੇ ਵਿੱਚ ਮੰਗ ਮਸਲੇ ਹੱਲ ਨਾ ਹੋਣ ਤੇ ਵੱਡੇ ਪੱਧਰ ਤੇ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੁਖ ਸਿੰਘ ,ਅਨੂਪ ਸਿੰਘ ,ਲਖਵਿੰਦਰ ਸਿੰਘ ,ਗੁਰਮੇਜ ਸਿੰਘ, ਹਰਜੀਤ ਸਿੰਘ ਕੋਟ ਬੁੱਢਾ ,ਰਣਜੀਤ ਸਿੰਘ ,ਵੀਰ ਸਿੰਘ, ਨਿਸਾਨ ਸਿੰਘ ,ਹੀਰਾ ਸਿੰਘ , ਨਿਰਮਲ ਸਿੰਘ, ਬਲਕਾਰ ਸਿੰਘ, ਲੀਲਾ ਸਿੰਘ, ਨਿਸਾਨ ਸਿੰਘ, ਜੋਗਿੰਦਰ ਸਿੰਘ, ਪਰਮਜੀਤ ਸਿੰਘ, ਕਲਵੰਤ ਸਿੰਘ ,ਬਲਵਿੰਦਰ ਸਿੰਘ, ਆਦੀ ਹਾਜਰ ਸਨ ।

ਜੋਸ਼ਨ ਖੇਤੀ ਸਟੋਰ ਵਿਖੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ

# ਬਾਪੂ ਤਰਸੇਮ ਸਿੰਘ ਜੀ ਨੇ ਜੋਸ਼ਨ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ







**ਜੰਡਿਆਲਾ ਗੁਰੂ, 31 ਅਗਸਤ ( ਕੁਲਵੰਤ ਸਿੰਘ ਵਿਰਦੀ)**-ਬੀਤੇ ਕੁਝ ਹਫ਼ਤੇ ਪਹਿਲਾਂ ਜੋਸ਼ਨ ਖੇਤੀ ਸਟੋਰ ਨੂੰ ਭਿਆਨਕ ਅੱਗ ਲੱਗਣ ਕਾਰਨ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਸੀ ਇਸ ਖਬਰ ਨੂੰ ਸੁਣਦਿਆਂ ਹੋਇਆਂ ਵੱਖ ਵੱਖ ਰਾਜਨੀਤਿਕ ਧਾਰਮਿਕ ਅਤੇ ਸਬੰਧੀਆਂ ਵੱਲੋਂ ਜੋਸ਼ਨ ਪ੍ਰੀਵਾਰ ਨਾਲ ਇਸ ਬੇਵਕਤੀ ਅੱਗ ਲੱਗਣ ਦੇ ਹਾਦਸੇ ਦਾ ਅਫਸੋਸ ਕਰਨ ਲਈ ਸ਼ਮੂਲੀਅਤ ਕੀਤੀ ਗਈ ਜਿਸ ਦੇ ਚੱਲਦਿਆਂ ਬੀਤੇ ਦਿਨ ਲੋਕ ਸਭਾ ਹਲਕਾ ਖਡੂਰ ਸਾਹਿਬ ਜੀ ਤੋਂ ਵਾਰਸ ਪੰਜਾਬ ਦੇ ਮੁੱਖੀ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ, ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ, ਚਾਚਾ ਬਲਵਿੰਦਰ ਸਿੰਘ ਫੋਜੀ ,ਸਰਪੰਚ ਬਲਬੀਰ ਸਿੰਘ ਗੁੱਨੋਵਾਲ, ਰਣਜੀਤ ਸਿੰਘ ਗੁੱਨੋਵਾਲ, ਮੰਗਲ ਸਿੰਘ ਸਮਰਾ ਪਿੰਡ ਪੱਖੋਕੇ, ਕਨਵਰਪ੍ਰੀਤ ਸਿੰਘ ਰਵੀ ਆਦਿ ਵੱਲੋਂ ਜੋਸਨ ਖੇਤੀ ਸਟੋਰ ਦੇ ਮਾਲਕ ਹਰਦੀਪ ਸਿੰਘ, ਹਰਸੇਵਕ ਸਿੰਘ, ਅਤੇ ਜੋਸ਼ਨ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਅੱਜ ਦੇ ਸਮੇਂ ਅੰਦਰ ਕਾਰੋਬਾਰ ਨੂੰ ਖੜ੍ਹਾ ਕਰਨਾ ਬਹੁਤ ਔਖਾ ਹੈ ਪਰ ਪ੍ਰਮਾਤਮਾ ਜੀ ਦਾ ਹੁਕਮ ਮੰਨਣਾ ਹਰੇਕ ਗੁਰਸਿੱਖ ਦਾ ਫਰਜ਼ ਹੈ ਅਤੇ ਜੋ ਅਕਾਲ ਪੁਰਖ ਦੇ ਹੁਕਮ ਵਿੱਚ ਚੱਲਦੇ ਹਨ ਉਨ੍ਹਾਂ ਦੇ ਘਾਟੇ ਵਾਧੇ ਆਕਾਲ ਪੁਰਖ ਸਹਾਈ ਹੋ ਕਿ ਆਪ ਸੰਵਾਰਦੇ ਹਨ ਅਸੀਂ ਪ੍ਰਮਾਤਮਾਂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਆਕਾਲ ਪੁਰਖ ਜੋਸ਼ਨ ਪ੍ਰੀਵਾਰ ਨੂੰ ਆਪਣੇ ਭਾਣੇ ਵਿੱਚ ਰਹਿਣ ਦੀ ਹਿੰਮਤ ਬਖਸ਼ਣ।

# ਪਤਨੀ ਨੂੰ ਛੱਡ ਸਾਲੀ ਨਾਲ ਫ਼ਰਾਰ ਹੋਇਆ ਪਤੀ



**ਚੌਕ ਮਹਿਤਾ, 31 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਤੀ ਵਲੋਂ ਆਪਣੀ ਪਤਨੀ ਅਤੇ ਬੱਚਿਆਂ ਨੂੰ ਛੱਡ ਕੇ ਸਾਲੀ ਨਾਲ ਫ਼ਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦਿਆਂ ਨਵਨੀਤ ਕੌਰ ਵਾਸੀ ਭਾਈ ਮੰਝ ਸਾਹਿਬ ਰੋਡ, ਨੇ ਦੱਸਿਆ ਕਿ ਮੇਰੀ ਸਕੀ ਭੈਣ ਨਾਲ ਮੇਰੇ ਪਤੀ ਦੇ ਨਜ਼ਾਇਜ਼ ਸਬੰਧ ਹਨ। ਜਿਸ ਦਾ ਮੇਰੇ ਵਲੋਂ ਅਕਸਰ ਵਿਰੋਧ ਕੀਤਾ ਜਾਂਦਾ ਸੀ। ਮੇਰੇ ਪਤੀ ਵਲੋਂ ਮੇਰੇ ਨਾਲ ਮਾਰਕੁਟਾਈ ਕੀਤੀ ਜਾਂਦੀ ਹੈ। ਉਹਨਾਂ ਕਿਹਾ ਕਿ ਬੀਤੇ ਦਿਨੀਂ ਦੋਹਾਂ ਨੇ ਮੇਰੇ ਘਰ ਆ ਕੇ ਭੰਨਤੋੜ ਕਰ ਦਿੱਤੀ ਅਤੇ ਮੇਰਾ ਕੀਮਤੀ ਸਮਾਨ ਗਹਿਨਾ ਵੀ ਲੈ ਗਏ। ਉਹਨਾਂ ਕਿਹਾ ਕਿ ਮੈਨੂੰ ਜਾਨੋ ਮਾਰਨ ਦੇ ਇਰਾਦੇ ਨਾਲ ਮੇਰੇ ਘਰ ਅੰਦਰ ਦਾਖਲ ਹੋਏ। ਇਸ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਮੇਰੇ ਪਤੀ ਅਤੇ ਭੈਣ ਨੇ ਮੈਨੂੰ ਫੋਨ 'ਤੇ ਧਮਕੀ ਦਿੰਦੇ ਦੀ ਰਿਕਾਰਡਿੰਗ ਭੇਜੀ ਗਈ ਜਿਸ ਵਿੱਚ ਉਨ੍ਹਾਂ ਨੇ ਇਸ ਘਟਨਾ ਬਾਰੇ ਕਬੂਲ ਕੀਤਾ ਹੈ । ਉਹਨਾਂ ਕਿਹਾ ਕਿ ਇਸ ਮਾਮਲੇ ਸਬੰਧੀ ਥਾਣਾ ਸੁਲਤਾਨਵਿੰਡ ਪੁਲਿਸ ਨੂੰ ਸ਼ਿਕਾਇਤ ਦਰਜ ਕਰਵਾਈ ਗਈ ਹੈ। ਨਵਨੀਤ ਕੌਰ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕਰਦਿਆਂ ਕਿਹਾ ਕਿ ਇਹਨਾਂ ਦੋਹਾਂ ਉੱਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਏਅਰ ਇੰਡੀਆ ਬੰਬ ਧਮਾਕੇ ਦੀ ਨਵੀਂ ਜਾਂਚ ਖੋਲ੍ਹਣ ਲਈ ਲਿਬਰਲ ਐਮਪੀ ਸੁਖ ਧਾਲੀਵਾਲ ਨੇ ਪਟੀਸ਼ਨ ਨੂੰ ਕੀਤਾ ਸਪਾਂਸਰ




**ਨਵੀਂ ਦਿੱਲੀ 31 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਲਗਭਗ ਦੋ ਦਹਾਕਿਆਂ ਬਾਅਦ ਇੱਕ ਦੂਜੀ ਜਨਤਕ ਜਾਂਚ ਵਿੱਚ ਪਾਇਆ ਗਿਆ ਕਿ ਕੈਨੇਡਾ ਵਿੱਚ ਰਹਿ ਰਹੇ ਕੁਝ ਸਿੱਖ ਲੋਕਾਂ ਨੇ ਨੇ ਏਅਰ ਇੰਡੀਆ ਦੇ ਬੰਬ ਧਮਾਕੇ ਦੀ ਸਾਜਿਸ਼ ਰਚੀ ਸੀ, ਇੱਕ ਲਿਬਰਲ ਸੰਸਦ ਮੈਂਬਰ ਸੁਖ ਧਾਲੀਵਾਲ ਜੋ ਕਿ ਇੱਕ ਪਟੀਸ਼ਨ ਨੂੰ ਸਪਾਂਸਰ ਕਰ ਰਿਹਾ ਹੈ ਜਿਸ ਵਿੱਚ ਉਸਦੀ ਸਰਕਾਰ ਨੂੰ "ਨਵੀਂ ਜਾਂਚ" ਦਾ ਆਦੇਸ਼ ਦੇਣ ਦੀ ਮੰਗ ਕੀਤੀ ਗਈ ਹੈ। 1985 ਵਿੱਚ ਹੋਏ ਦਹਿਸ਼ਤੀ ਹਮਲੇ ਬਾਰੇ ਦੋ ਜਨਤਕ ਪੁੱਛਗਿੱਛਾਂ ਉਸੇ ਸਿੱਟੇ 'ਤੇ ਪਹੁੰਚੀਆਂ ਜਿਸ ਵਿੱਚ 329 ਲੋਕ ਮਾਰੇ ਗਏ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਕੈਨੇਡੀਅਨ ਸਨ। ਪਟੀਸ਼ਨ, ਹਾਲਾਂਕਿ, ਕੈਨੇਡਾ ਸਿੱਖ ਭਾਈਚਾਰੇ ਦੇ ਕੁਝ ਮੈਂਬਰਾਂ ਦੁਆਰਾ ਪ੍ਰਚਾਰੇ ਗਏ ਇੱਕ ਬਦਨਾਮ ਸਿਧਾਂਤ ਦੀ ਜਾਂਚ ਕਰਨਾ ਚਾਹੁੰਦੀ ਹੈ ਕਿ ਬੰਬ ਧਮਾਕੇ ਪਿੱਛੇ ਭਾਰਤ ਸਰਕਾਰ ਦੇ ਏਜੰਟ ਸਨ। ਸਰੀ, ਬੀ.ਸੀ. ਵਿੱਚ ਇੱਕ ਸਿੱਖ ਕਾਰਕੁਨ ਸ਼ਹੀਦ ਭਾਈ ਹਰਦੀਪ ਸਿੰਘ ਨਿਝਰ ਦੀ ਹੱਤਿਆ ਵਿੱਚ ਭਾਰਤ ਦੀ ਸੰਭਾਵੀ ਸ਼ਮੂਲੀਅਤ ਬਾਰੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੁਆਰਾ ਕੀਤੇ ਗਏ ਖੁਲਾਸਿਆਂ ਨੇ ਸਿਧਾਂਤ ਨੂੰ ਨਵਾਂ ਜੀਵਨ ਦਿੱਤਾ ਹੈ। ਇਸ ਪਟੀਸ਼ਨ ਨੂੰ ਲੰਮੇ ਸਮੇਂ ਤੋਂ ਲਿਬਰਲ ਸੰਸਦ ਮੈਂਬਰ ਸੁੱਖ ਧਾਲੀਵਾਲ ਨੇ ਸਪਾਂਸਰ ਕੀਤਾ ਹੈ। ਧਾਲੀਵਾਲ ਨੇ ਕਿਹਾ ਕਿ ਉਸਨੇ ਆਪਣੇ ਸਰੀ-ਨਿਊਟਨ ਹਲਕੇ ਦੇ ਮੈਂਬਰਾਂ ਦੀ ਤਰਫੋਂ 13 ਅਗਸਤ ਨੂੰ ਪਟੀਸ਼ਨ ਨੂੰ ਸਪਾਂਸਰ ਕੀਤਾ ਸੀ। ਉਹ ਇਹ ਨਹੀਂ ਦੱਸੇਗਾ ਕਿ ਕੀ ਉਹ ਮਾਮਲੇ ਨੂੰ ਮੁੜ ਖੋਲ੍ਹਣ ਲਈ ਪਟੀਸ਼ਨ ਦੇ ਯਤਨਾਂ ਨਾਲ ਸਹਿਮਤ ਹੈ ਜਾਂ ਨਹੀਂ। ਸਿੱਖ ਭਾਈਚਾਰੇ ਦੇ ਮੈਂਬਰਾਂ ਨੇ ਲੰਬੇ ਸਮੇਂ ਤੋਂ ਕਿਹਾ ਹੈ ਕਿ ਬੰਬ ਧਮਾਕੇ ਪਿੱਛੇ ਭਾਰਤ ਦਾ ਹੱਥ ਸੀ, ਸਥਾਨਕ ਸਿੱਖਾਂ ਦਾ ਨਹੀਂ। ਹਾਲਾਂਕਿ, ਸੀਐਸਆਈਐਸ ਅਤੇ ਆਰਸੀਐਮਪੀ ਨੇ ਇਸ ਸੰਭਾਵਨਾ ਦੀ ਜਾਂਚ ਕੀਤੀ ਕਿ ਭਾਰਤ ਸਰਕਾਰ ਦੇ ਏਜੰਟਾਂ ਨੇ ਹਮਲੇ ਨੂੰ ਭੜਕਾਉਣ ਵਿੱਚ ਭੂਮਿਕਾ ਨਿਭਾਈ ਹੋ ਸਕਦੀ ਹੈ, ਪਰ ਸਿਧਾਂਤ ਨੂੰ ਰੱਦ ਕਰ ਦਿੱਤਾ। ਭਾਰਤ ਦੀ ਸ਼ਮੂਲੀਅਤ ਦੇ ਸਿਧਾਂਤ ਨੇ 2023 ਵਿੱਚ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਤੋਂ ਬਾਅਦ ਸ਼ਮੂਲੀਅਤ ਇਕੱਠੀ ਕੀਤੀ, ਜਿਸਨੇ ਭਾਰਤੀ ਖੇਤਰ ਵਿਚ ਸਿੱਖ ਹੋਮਲੈਂਡ ਲਈ ਇੱਕ ਮੁਹਿੰਮ ਦੀ ਅਗਵਾਈ ਕਰਨ ਵਿੱਚ ਮਦਦ ਕੀਤੀ ਸੀ। ਅਕਤੂਬਰ ਵਿੱਚ, ਮਿਸਟਰ ਟਰੂਡੋ ਨੇ ਹਾਊਸ ਆਫ ਕਾਮਨਜ਼ ਨੂੰ ਦੱਸਿਆ ਕਿ ਕੈਨੇਡਾ ਨੂੰ "ਭਰੋਸੇਯੋਗ ਦੋਸ਼" ਮਿਲੇ ਹਨ ਕਿ ਮਿਸਟਰ ਨਿੱਝਰ ਦੀ ਮੌਤ ਵਿੱਚ ਭਾਰਤੀ ਏਜੰਟ ਸ਼ਾਮਲ ਹੋ ਸਕਦੇ ਹਨ। ਸਿੱਖ ਭਾਈਚਾਰਾ ਲੰਬੇ ਸਮੇਂ ਤੋਂ ਕਹਿ ਰਿਹਾ ਹੈ ਕਿ ਭਾਰਤ ਸਰਕਾਰ ਇਸ ਵਿੱਚ ਸ਼ਾਮਲ ਹੋ ਸਕਦੀ ਹੈ। ਹੋ ਸਕਦਾ ਹੈ ਕਿ ਸਾਨੂੰ ਇੱਕ ਤਾਜ਼ਾ ਲੈਂਸ ਨਾਲ ਇਸ ਐਪੀਸੋਡ ਨੂੰ ਵੇਖਣ ਦੀ ਜ਼ਰੂਰਤ ਹੈ। " ਵਰਲਡ ਸਿੱਖ ਆਰਗੇਨਾਈਜ਼ੇਸ਼ਨ, ਇੱਕ ਗੈਰ-ਧਾਰਮਿਕ ਸੰਸਥਾ ਜੋ ਸਿੱਖ ਹਿੱਤਾਂ ਦੀ ਨੁਮਾਇੰਦਗੀ ਕਰਦੀ ਹੈ, ਨੇ ਇੱਕ ਨਵੀਂ ਜਾਂਚ ਦੀ ਮੰਗ ਕੀਤੀ: "ਸਾਡਾ ਮੰਨਣਾ ਹੈ ਕਿ ਏਅਰ ਇੰਡੀਆ ਬੰਬ ਧਮਾਕੇ ਤੋਂ ਬਾਅਦ ਦੀਆਂ ਘਟਨਾਵਾਂ ਵਿੱਚ ਭਾਰਤ ਸਰਕਾਰ ਦੀ ਸੰਭਾਵਿਤ ਭੂਮਿਕਾ ਦੀ ਪੂਰੀ ਅਤੇ ਪਾਰਦਰਸ਼ੀ ਜਾਂਚ ਹੈ। ਸੱਚਾਈ ਦਾ ਪਤਾ ਲਗਾਉਣ ਲਈ ਜ਼ਰੂਰੀ ਹੈ।" ਡਬਲਯੂਐਸਓ ਨੇ ਲੰਬੇ ਸਮੇਂ ਤੋਂ ਇਸ ਗੱਲ ਦੀ ਜਾਂਚ ਦੀ ਮੰਗ ਕੀਤੀ ਹੈ ਕਿ ਕੀ ਭਾਰਤ ਸਰਕਾਰ ਏਅਰ ਇੰਡੀਆ ਹਮਲੇ ਵਿੱਚ ਸ਼ਾਮਲ ਸੀ ਅਤੇ ਮਿਸਟਰ ਮੇਜਰ ਦੁਆਰਾ ਆਪਣੀ 2010 ਦੀ ਰਿਪੋਰਟ ਵਿੱਚ ਸਖ਼ਤ ਆਲੋਚਨਾ ਕੀਤੀ ਗਈ ਸੀ।

# ਜਜ਼ਬੇ ਨੂੰ ਸਲਾਮ ! 102 ਸਾਲ ਦੀ ਬਜ਼ੁਰਗ ਨੇ 7000 ਫੁੱਟ ਤੋਂ ਮਾਰੀ ਛਾਲ

**ਲੰਡਨ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਇੱਕ ਖਾਸ ਉਮਰ ਵਿੱਚ ਪਹੁੰਚਣ ਤੋਂ ਬਾਅਦ ਲੋਕਾਂ ਦਾ ਸਰੀਰ ਉਨ੍ਹਾਂ ਦਾ ਸਾਥ ਨਹੀਂ ਦਿੰਦਾ, ਬਜ਼ੁਰਗ ਲੋਕ ਘਰ ਵਿੱਚ ਹੀ ਆਰਾਮ ਕਰਨਾ ਪਸੰਦ ਕਰਦੇ ਹਨ। ਪਰ ਬ੍ਰਿਟਨ ਵਿੱਚ ਇੱਕ ਔਰਤ ਨੇ ਐਤਵਾਰ ਨੂੰ ਆਪਣਾ 102ਵਾਂ ਜਨਮ ਦਿਨ ਮਨਾਇਆ। ਆਪਣੇ ਜਨਮ ਦਿਨ ਨੂੰ ਯਾਦਗਾਰ ਬਣਾਉਣ ਲਈ ਉਸ ਨੇ ਬਹੁਤ ਹੀ ਅਨੋਖਾ ਤਰੀਕਾ ਚੁਣਿਆ। ਦਰਅਸਲ ਉਸਨੇ ਸਕਾਈ ਡਾਈਵਿੰਗ ਕੀਤੀ। ਅਜਿਹਾ ਕਰਕੇ ਔਰਤ ਸਕਾਈ ਡਾਈਵਿੰਗ ਕਰਨ ਵਾਲੀ ਬ੍ਰਿਟੇਨ ਦੀ ਸਭ ਤੋਂ ਬਜ਼ੁਰਗ ਔਰਤ ਬਣ ਗਈ ਹੈ। ਅੱਜ ਅਸੀਂ ਤੁਹਾਨੂੰ ਉਸ ਬਜ਼ੁਰਗ ਔਰਤ ਬਾਰੇ ਦੱਸਣ ਜਾ ਰਹੇ ਹਾਂ, ਜਿਸ ਨੇ ਇਹ ਰਿਕਾਰਡ ਬਣਾਇਆ ਹੈ। ਜਾਣਕਾਰੀ ਮੁਤਾਬਕ ਮੈਨੇਟ ਬੈਲੀ ਵੂਮੈਨ ਰਾਇਲ ਨੇਵਲ ਸਰਵਿਸ 'ਚ ਸੀ ਅਤੇ ਦੂਜੇ ਵਿਸ਼ਵ ਯੁੱਧ ਦੌਰਾਨ ਮਿਸਰ 'ਚ ਤਾਇਨਾਤ ਸੀ। ਮੀਡੀਆ ਨੂੰ ਦਿੱਤੇ ਇੱਕ ਬਿਆਨ ਵਿੱਚ ਉਸਨੇ ਦੱਸਿਆ ਕਿ ਉਹ ਮੋਟਰ ਨਿਊਰੋਨ ਡਿਜ਼ੀਜ਼ ਐਸੋਸੀਏਸ਼ਨ ਨਾਲ ਜੁੜੀ ਹੋਈ ਹੈ ਅਤੇ ਉਸਨੇ ਆਪਣੀ ਐਸੋਸੀਏਸ਼ਨ ਲਈ ਫੰਡ ਇਕੱਠਾ ਕਰਨ ਲਈ ਆਪਣਾ ਜਨਮ ਦਿਨ ਮਨਾਉਣ ਲਈ ਇਹ ਵਿਲੱਖਣ ਤਰੀਕਾ ਚੁਣਿਆ। ਇਸ ਸਮਾਗਮ ਰਾਹੀਂ ਉਨ੍ਹਾਂ ਨੇ ਲੋੜਵੰਦ ਲੋਕਾਂ ਲਈ ਕਰੀਬ 11 ਲੱਖ ਰੁਪਏ ਇਕੱਠੇ ਕੀਤੇ ਹਨ। ਮੀਡੀਆ ਰਿਪੋਰਟਾਂ ਮੁਤਾਬਕ ਬੈਲੀ ਨੇ ਕਰੀਬ 7000 ਫੁੱਟ ਦੀ ਉਚਾਈ ਤੋਂ ਜਹਾਜ਼ ਤੋਂ ਛਾਲ ਮਾਰੀ। ਉਨ੍ਹਾਂ ਨੇ ਮਾਹਿਰਾਂ ਦੀ ਨਿਗਰਾਨੀ ਅਤੇ ਪੂਰੇ ਸੁਰੱਖਿਆ ਉਪਕਰਨਾਂ ਹੇਠ ਬੇਕਲਸ ਏਅਰਫੀਲਡ ਵਿਖੇ ਅਜਿਹਾ ਕੀਤਾ। ਤੁਹਾਨੂੰ ਦੱਸ ਦੇਈਏ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਉਨ੍ਹਾਂ ਨੇ ਆਪਣੀ ਬੁਢਾਪੇ ਦੀ ਪਰਵਾਹ ਕੀਤੇ ਬਿਨਾਂ ਅਜਿਹਾ ਦਲੇਰਾਨਾ ਕਦਮ ਚੁੱਕਿਆ ਹੈ। ਦੱਸਿਆ ਜਾਂਦਾ ਹੈ ਕਿ ਆਪਣੇ 100ਵੇਂ ਜਨਮ ਦਿਨ 'ਤੇ ਉਸ ਨੇ 100 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਲਗਜ਼ਰੀ ਕਾਰ ਫਰਾਰੀ 'ਚ ਸਫਰ ਕੀਤਾ ਹੈ। ਬੈਲੀ ਨੇ 7 ਹਜ਼ਾਰ ਫੁੱਟ ਤੋਂ ਛਾਲ ਮਾਰਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕੀਤੀ। ਉਸ ਨੇ ਕਿਹਾ ਕਿ ਇਹ ਕਾਫੀ ਡਰਾਉਣਾ ਸੀ। ਛਾਲ ਮਾਰਨ ਤੋਂ ਬਾਅਦ ਮੇਰੇ ਸਾਹ ਰੁਕਣ ਲੱਗੇ। ਪਰ ਮੈਂ ਆਪਣੀਆਂ ਅੱਖਾਂ ਬੰਦ ਕਰ ਲਈਆਂ ਅਤੇ ਆਪਣੇ ਆਪ ਨੂੰ ਹਵਾ ਵਿੱਚ ਛੱਡ ਦਿੱਤਾ। ਉਨ੍ਹਾਂ ਕਿਹਾ ਕਿ ਸੇਵਾਮੁਕਤ ਹੋਣ ਤੋਂ ਬਾਅਦ ਉਨ੍ਹਾਂ ਨੂੰ ਖੁਦ ਨਹੀਂ ਪਤਾ ਸੀ ਕਿ ਉਸ ਵਿਚ ਇੰਨਾ ਸਾਹਸ ਕਰਨ ਦੀ ਸਮਰੱਥਾ ਹੈ। ਉਸ ਨੇ ਕਿਹਾ ਕਿ ਮੈਂ ਖੁਸ਼ਕਿਸਮਤ ਰਹੀ ਹਾਂ ਕਿ ਮੈਂ ਫਿੱਟ ਅਤੇ ਸਿਹਤਮੰਦ ਹਾਂ।

ਸੁਖਬੀਰ ਸਿੰਘ ਬਾਦਲ ਨੇ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਦਿੱਤਾ ਸਪਸ਼ਟੀਕਰਨ


ਮੁੱਖ ਦਫਤਰ ਸ਼੍ਰੋਮਣੀ ਅਕਾਲੀ ਦਲ | Head Office Shiromani Akali Dal

ਨੰ 250/ਸ਼੍ਰੋ.ਅ.ਦਲ/2024 ਮਿਤੀ 31 ਅਗਸਤ, 2024

ਪਰਮ ਸਤਿਕਾਰਯੋਗ ਗਿਆਨੀ ਰਘਬੀਰ ਸਿੰਘ ਜੀ,
ਜਥੇਦਾਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ,
ਸ੍ਰੀ ਅੰਮ੍ਰਿਤਸਰ।

ਵਾਹਿਗੁਰੂ ਜੀ ਕਾ ਖਾਲਸਾ।। ਵਾਹਿਗੁਰੂ ਜੀ ਕੀ ਫਤਿਹ॥

30 ਅਗਸਤ, 2024 ਨੂੰ ਪੰਜ ਸਿੰਘ ਸਹਿਬਾਨ ਦੀ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹੋਈ ਇਕੱਤਰਤਾ ਵਿੱਚ ਪਾਸ ਕੀਤੇ ਗਏ ਹੁਕਮਨਾਮੇ ਦੀ ਕਾਪੀ ਅੱਜ 31 ਅਗਸਤ, 2024 ਨੂੰ ਮੇਰੇ ਪਾਸ ਪਹੁੰਚੀ ਹੈ। ਦਾਸ ਪੰਜ ਸਿੰਘ ਸਹਿਬਾਨ ਵੱਲੋਂ ਪਾਸ ਕੀਤੇ ਗਏ ਹੁਕਮਨਾਮੇ ਨੂੰ ਗੁਰੂ ਦਾ ਨਿਮਾਣਾ ਸਿੱਖ ਹੋਣ ਦੇ ਨਾਤੇ ਗੁਰੂ ਪੰਥ ਦੇ ਚਰਨਾਂ ਵਿੱਚ ਸੀਸ ਨਿਵਾ ਕੇ ਪ੍ਰਵਾਨ ਕਰਦਾ ਹੈ। ਦਾਸ ਅੱਜ ਹੀ 31 ਅਗਸਤ, 2024 ਨੂੰ ਨਿਜੀ ਤੌਰ 'ਤੇ ਪੇਸ਼ ਹੋ ਕੇ ਹੁਕਮਨਾਮੇ ਅਨੁਸਾਰ ਗੁਰੂ ਪੰਥ ਪਾਸੋਂ ਦੋਵੇਂ ਹੱਥ ਜੋੜ ਕੇ ਨਿਮਰਤਾ ਅਤੇ ਹਲੀਮੀ ਨਾਲ ਖਿਮਾ ਜਾਚਨਾ ਕਰਦਾ ਹੈ। ਦਾਸ ਦੀ ਜੋਦੜੀ ਨੂੰ ਪ੍ਰਵਾਨ ਕਰੋ ਜੀ।

ਆਦਰ ਅਤੇ ਸਤਿਕਾਰ ਸਹਿਤ,

ਗੁਰੂ ਪੰਥ ਦਾ ਦਾਸ,

(ਸੁਖਬੀਰ ਸਿੰਘ ਬਾਦਲ)

ਪਤਾ ਦਫ਼ਤਰ : ਪਲਾਟ ਨੰ. 6, ਸੈਕਟਰ 28-ਬੀ, ਮੱਧਿਆ ਮਾਰਗ, ਚੰਡੀਗੜ੍ਹ - 160002
Address : Plot No. 6, Sector 28-B, Madhya Marg, Chandigarh - 160 002
Phone : 0172-2639256
E-mail : shiromaniakalidal2017@gmail.com, akalidalheadoffice@gmail.com

**ਮੀਰੀ ਪੀਰੀ ਦੇ ਸਰਵਉੱਚ ਤੇ ਪਾਵਨ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦਾਸ ਨੂੰ ਕਲ੍ਹ ਮਿਤੀ 30 ਅਗਸਤ 2024 ਨੂੰ ਜਾਰੀ ਹੁਕਮ ਦੀ ਲਿਖਤੀ ਕਾਪੀ ਅੱਜ ਸਵੇਰੇ ਪ੍ਰਾਪਤ ਹੋਈ। ਪੱਤਰ ਪੜ੍ਹਨ ਉਪਰੰਤ ਦਾਸ ਨੇ ਨਿੱਜੀ ਹੈਸੀਅਤ ਵਿੱਚ ਪੇਸ਼ ਹੋ ਕੇ ਸਮਰਪਣ ਕੀਤਾ ਹੈ। ਅਗਾਂਹ ਲਈ ਪਰਮ ਸਤਕਾਰਯੋਗ ਸਿੰਘ ਸਾਹਿਬਾਨ ਵੱਲੋਂ ਜੋ ਵੀ ਹੁਕਮ ਹੋਵੇਗਾ, ਦਾਸ ਉਸ ਅਨੁਸਾਰ ਪੇਸ਼ੀ ਲਈ ਹਰ ਪਲ ਹਾਜ਼ਿਰ ਰਹੇਗਾ।**

**ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਨਿੱਜੀ ਤੌਰ ਤੇ ਪੇਸ਼ ਹੋ ਕੇ ਦਿੱਤੇ ਸਮਰਪਣ ਪੱਤਰ ਦੀ ਕਾਪੀ ਨੱਥੀ ਹੈ।**

**ਅੰਮ੍ਰਿਤਸਰ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਤਨਖ਼ਾਹੀਆ ਐਲਾਨੇ ਜਾਣ ਮਗਰੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚੇ, ਜਿੱਥੇ ਉਨ੍ਹਾਂ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਗ਼ੈਰ-ਹਾਜ਼ਰੀ ਵਿੱਚ ਉਨ੍ਹਾਂ ਦੇ ਦਫ਼ਤਰ ਵਿਚ ਸਟਾਫ਼ ਨੂੰ ਆਪਣਾ ਸਪਸ਼ਟੀਕਰਨ ਸੌਂਪਿਆ। ਸਪਸ਼ਟੀਕਰਨ ਦੇਣ ਤੋਂ ਬਾਅਦ ਉਹ ਮੱਥਾ ਟੇਕਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਪੁੱਜੇ। ਉਨ੍ਹਾਂ ਦੇ ਨਾਲ ਕੁਝ ਤਤਕਾਲੀ ਮੰਤਰੀ ਵੀ ਮੌਜੂਦ ਹਨ। ਸੁਖਬੀਰ ਬਾਦਲ ਦੇ ਨਾਲ ਸਾਬਕਾ ਮੰਤਰੀ ਗੁਲਜ਼ਾਰ ਸਿੰਘ ਰਣੀਕੇ, ਦਲਜੀਤ ਸਿੰਘ ਚੀਮਾ ਅਤੇ ਸ਼ਰਨਜੀਤ ਢਿੱਲੋਂ ਵੀ ਪਹੁੰਚੇ ਹੋਏ ਹਨ। ਲਿਖਤੀ ਸਪਸ਼ਟੀਕਰਨ ਦੇਣ ਮਗਰੋਂ ਸੁਖਬੀਰ ਸਿੰਘ ਬਾਦਲ ਇਥੇ ਰਵਾਨਾ ਹੋ ਚੁੱਕੇ ਹਨ। ਇਸ ਦੌਰਾਨ ਉਨ੍ਹਾਂ ਮੀਡੀਆ ਨਾਲ ਗੱਲ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਅਤੇ ਵਾਪਸ ਪਰਤ ਗਏ।

ਇਸ ਦੌਰਾਨ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਮਗਰੋਂ ਅਸੀਂ ਸਾਰਿਆਂ ਨੇ ਅੱਜ ਲਿਖ਼ਤੀ ਸਪਸ਼ਟੀਕਰਨ ਜਥੇਦਾਰ ਨੂੰ ਸੌਂਪ ਦਿੱਤੇ ਹਨ। ਸਾਨੂੰ ਆਪਣੇ ਗੁਰੂ 'ਤੇ ਭਰੋਸਾ ਹੈ, ਉਹ ਇਨਸਾਫ਼ ਕਰਨਗੇ। ਉਨ੍ਹਾਂ ਕਿਹਾ ਕਿ ਬੇਸ਼ੱਕ 15 ਦਿਨਾਂ ਦੇ ਅੰਦਰ ਪੇਸ਼ ਹੋਣ ਦੇ ਹੁਕਮ ਦਿੱਤੇ ਗਏ ਸਨ ਪਰ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਮਨ ਵਿਚ ਵੱਡੇ ਬੋਝ ਸੀ, ਜਿਸ ਕਰਕੇ ਉਹ ਅੱਜ ਹੀ ਪੇਸ਼ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸੁਖਬੀਰ ਸਿੰਘ ਬਾਦਲ ਵੱਲੋਂ ਜਥੇਦਾਰ ਨੂੰ ਅਪੀਲ ਕੀਤੀ ਗਈ ਹੈ ਕਿ ਜਲਦੀ ਤੋਂ ਜਲਦੀ ਪੰਜ ਸਿੰਘ ਸਾਹਿਬਾਨਾਂ ਦੀ ਮੀਟਿੰਗ ਬੁਲਾਈ ਜਾਵੇ ਅਤੇ ਫ਼ੈਸਲਾ ਸੁਣਾਇਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਜਥੇਦਾਰ ਗਿਆਨੀ ਰਘਬੀਰ ਸਿੰਘ ਹਾਜ਼ਰ ਨਹੀਂ ਸਨ, ਇਸ ਲਈ ਸਪਸ਼ਟੀਕਰਨ ਸਟਾਫ਼ ਨੂੰ ਸੌਂਪ ਦਿੱਤਾ ਗਿਆ ਹੈ। ਆਪਣੇ ਸਪਸ਼ਟੀਕਰਨ ਦਾ ਮੁੱਖ ਹਿੱਸਾ ਸਾਂਝਾ ਕਰਦਿਆਂ ਉਨ੍ਹਾਂ ਕਿਹਾ- ਉਹ 2007 ਤੋਂ 2014 ਤੱਕ ਮੁੱਖ ਮੰਤਰੀ ਦੇ ਸਲਾਹਕਾਰ ਤੇ ਫਿਰ ਸਿੱਖਿਆ ਮੰਤਰੀ ਰਹੇ। 24 ਜੁਲਾਈ ਨੂੰ ਜੋ ਪੱਤਰ ਨੰਬਰ 236 ਸੁਖਬੀਰ ਬਾਦਲ ਖ਼ੁਦ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਲੈ ਕੇ ਗਏ ਸਨ, ਉਹ ਵੀ ਉਸ ਦਾ ਸਪਸ਼ਟੀਕਰਨ ਹੈ। ਉਹ ਉਸ ਨਾਲ ਸਹਿਮਤ ਹਨ। ਫੈਸਲੇ ਸਾਰਿਆਂ ਦੀ ਸਹਿਮਤੀ ਨਾਲ ਲਏ ਜਾਂਦੇ ਹਨ। ਮੈਂ ਬਿਨਾਂ ਕਿਸੇ ਸਵਾਲ ਅਤੇ ਜਵਾਬ ਦੇ ਆਪਣੀ ਗ਼ਲਤੀ ਸਵੀਕਾਰ ਕਰਦਾ ਹਾਂ।

ਦੱਸ ਦੇਈਏ ਕਿ ਸੁਖਬੀਰ ਬਾਦਲ ਨੂੰ ਬੀਤੇ ਦਿਨ ਹੀ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿਚ ਤਨਖ਼ਾਹੀਆ ਕਰਾਰ ਦਿੱਤਾ ਗਿਆ ਸੀ ਅਤੇ ਉਨ੍ਹਾਂ ਨੂੰ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਹੋਣ ਦੇ ਹੁਕਮ ਦਿੱਤੇ ਗਏ ਸਨ। ਸੁਖਬੀਰ ਬਾਦਲ 'ਤੇ ਆਪਣੀ ਸਰਕਾਰ ਦੌਰਾਨ ਡੇਰਾ ਸਿਰਸਾ ਮੁਖੀ ਰਾਮ ਰਹੀਮ ਨੂੰ ਮੁਆਫ਼ੀ ਦੇਣ, ਸੁਮੇਧ ਸੈਣੀ ਨੂੰ ਡੀ. ਜੀ. ਪੀ. ਨਿਯੁਕਤ ਕਰਨ ਤੋਂ ਇਲਾਵਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਮਾਮਲੇ 'ਚ ਕਾਰਵਾਈ ਨਾ ਕਰਨ ਦੇ ਇਲਜ਼ਾਮ ਲੱਗੇ ਸਨ। ਫ਼ੈਸਲਾ ਸੁਣਾਉਂਦੇ ਹੋਏ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਸੀ ਕਿ ਅਕਾਲੀ ਦਲ ਦੇ ਮੁਖੀ ਅਤੇ ਉਪ ਮੁੱਖ ਮੰਤਰੀ ਹੁੰਦਿਆਂ ਸੁਖਬੀਰ ਬਾਦਲ ਨੇ ਕੁਝ ਅਜਿਹੇ ਫ਼ੈਸਲੇ ਲਏ, ਜਿਸ ਨਾਲ ਪੰਥਕ ਸਰੂਪ ਨੂੰ ਨੁਕਸਾਨ ਪਹੁੰਚਿਆ। ਸਿੱਖ ਪੰਥ ਦਾ ਬਹੁਤ ਨੁਕਸਾਨ ਹੋਇਆ। 2007 ਤੋਂ 2017 ਤੱਕ ਦੇ ਕੈਬਨਿਟ ਮੰਤਰੀਆਂ ਨੂੰ ਵੀ ਆਪਣਾ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ।

# ਸਾਂਝ ਕੇਂਦਰ ਜੰਡਿਆਲਾ ਗੁਰੂ ਵਿਖੇ ਸਟੂਡੈਂਟ ਪੁਲਿਸ ਕੈਂਡੀਡੇਟ ਸੈਮੀਨਾਰ ਕਰਵਾਇਆ ਗਿਆ



ਆਵਾਜ਼ਿ ਕੌਮ AWAZE QAUM International Newspaper & WEB TV

**ਜੰਡਿਆਲਾ ਗੁਰੂ, 31ਅਗਸਤ (ਕੁਲਵੰਤ ਸਿੰਘ ਵਿਰਦੀ)**-ਅੱਜ ਸਟੂਡੈਂਟ ਪੁਲਿਸ ਕੈਂਡੀਡੇਟ ਸੈਮੀਨਾਰ ਤਹਿਤ ਸਾਂਝ ਕੇਂਦਰ ਜੰਡਿਆਲਾ ਗੁਰੂ ਦੁਆਰਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾਂਵਾਲਾ ਦੇ ਬੱਚਿਆਂ ਅਤੇ ਸਮੂਹ ਸਟਾਫ ਸਮੇਤ ਥਾਣਾ ਜੰਡਿਆਲਾ ਗੁਰੂ ਵਿਖੇ ਸੈਮੀਨਾਰ ਕਰਵਾਇਆ ਗਿਆ ਅਤੇ ਸਾਂਝ ਕੇਂਦਰ ਵਿੱਚ ਦਿੱਤੀਆਂ ਜਾਂਦੀਆਂ ਸੇਵਾਵਾਂ ਅਤੇ ਥਾਣੇ ਦੇ ਕੰਮ ਕਾਜ ਤੋਂ ਜਾਣੂ ਕਰਵਾਇਆ ਗਿਆ ਇਸ ਮੌਕੇ ਵਿਸ਼ੇਸ਼ ਤੌਰ ਤੇ ਹੈਲਪ ਲਾਈਨ ਨੰਬਰ 112 ਸੰਬੰਧੀ ਜਾਣਕਾਰੀ ਦਿੱਤੀ ਗਈ ਅਤੇ ਟਰੈਫਿਕ ਪੱਖੀ ਜਾਣਕਾਰੀ ਦਿੰਦਿਆਂ ਹੋਇਆਂ ਕਿਹਾ ਕਿ ਹਮੇਸ਼ਾ ਆਪਣੀ ਅਨਮੋਲ ਜਿੰਦਗੀ ਨੂੰ ਹੰਡਾਉਣ ਲਈ ਅਤੇ ਆਪਣੀ ਸੁਰੱਖਿਆ ਲਈ ਛੋਟੀ ਉਮਰ ਵਿਚ ਵਹੀਕਲ ਨਹੀਂ ਚਲਾਉਣਾ ਚਾਹੀਦਾ ਕਿਉਂਕਿ ਛੋਟੀ ਉਮਰ ਵਿੱਚ ਟ੍ਰੈਫਿਕ ਨਿਯਮਾਂ ਬਾਰੇ ਪਤਾ ਨਾ ਹੋਣ ਕਾਰਨ ਵੱਡੇ ਹਾਦਸੇ ਵਾਪਰ ਜਾਂਦੇ ਹਨ ਜਿਸ ਨਾਲ ਮਾਪਿਆਂ ਨੂੰ ਵੀ ਭਾਰੀ ਮੁਸ਼ਕਲਾਂ ਅਤੇ ਮੁਸੀਬਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਇਸ ਲਈ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਵਹੀਕਲ ਨਾ ਚਲਾਉਣ ਲਈ ਵਹੀਕਲ ਐਕਟ ਬਾਰੇ ਜਾਣਕਾਰੀ ਦਿੱਤੀ ਗਈ ਇਸ ਮੌਕੇ ਤੇ ਥਾਣਾ ਜੰਡਿਆਲਾ ਗੁਰੂ ਦੇ ਐਸ.ਐਚ.ਓ ਇੰਸਪੈਕਟਰ ਸ੍ਰ.ਮੁਖਤਿਆਰ ਸਿੰਘ ਅਤੇ ਥਾਣਾ ਸਮੇਤ ਸਟਾਫ ਅਤੇ ਏ.ਐਸ.ਆਈ.ਜਸਪਾਲ ਸਿੰਘ ,ਏ.ਐਸ ਆਈ ਹਰਦਿਆਲ ਸਿੰਘ,ਐਲ.ਸੀ.ਟੀ ਸਰਬਜੀਤ ਕੌਰ , ਸੀ.ਟੀ ਦਵਿੰਦਰਪਾਲ ਸਿੰਘ, ਸੀ.ਟੀ ਕੰਵਲਦੀਪ ਸਿੰਘ ਅਤੇ ਸਾਂਝ ਕੇਂਦਰ ਸਾਰੇ ਕਰਮਚਾਰੀ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਸਨ।

# ਪੰਜਾਬ, ਪੰਥ ,ਕਿਸਾਨੀ, ਪਾਣੀਆਂ ਅਤੇ ਵਾਤਾਵਰਨ ਦੇ ਮੁੱਦਿਆਂ ਲਈ ਇਕੱਠੇ ਹੋਕੇ ਹੰਭਲਾ ਮਾਰਿਆ ਜਾਵੇ - ਜੱਥੇਦਾਰ ਵਡਾਲਾ

## ☛ ਕੇਂਦਰ ਨੇ ਹਮੇਸ਼ਾ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ☛ ਪੰਜਾਬ ਦੀ ਬਿਹਤਰੀ ਲਈ ਵਪਾਰ ਲਈ ਬਾਰਡਰ ਖੋਲੇ ਜਾਣ ☛ ਖਾਲਸਾ ਪੰਥ ਨੂੰ ਇਕੱਠੇ ਹੋਣ ਦੀ ਮੁੜ ਅਪੀਲ - ਜੱਥੇਦਾਰ ਵਡਾਲਾ

**ਚੰਡੀਗੜ 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੀ ਪ੍ਰਜੀਡੀਅਮ ਸਮੇਤ ਸਲਾਹਕਾਰ ਬੋਰਡ ਅਹਿਮ ਮੀਟਿੰਗ ਚੰਡੀਗੜ ਸਥਿਤ ਲੁਬਾਣਾ ਭਵਨ ਵਿਖੇ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਪੰਜਾਬ ਦੇ ਕੇਂਦਰ ਨਾਲ ਜੁੜੇ ਮੁੱਦਿਆਂ, ਕਿਸਾਨੀ, ਪੰਥ, ਪੰਜਾਬ ਦੇ ਪਾਣੀਆਂ ਅਤੇ ਵਾਤਾਵਰਨ ਨਾਲ ਜੁੜੇ ਅਹਿਮ ਮਸਲਿਆਂ ਤੇ ਗੰਭੀਰ ਵਿਚਾਰਾਂ ਹੋਈਆਂ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਵਿਸਥਾਰ ਲਈ ਜਿਲਾ ਅਬਜਰਵਰ ਲਾ ਕੇ ਜਿਲਾ ਲੈਵਲ ਤੇ ਮੀਟਿੰਗਾਂ ਕਰਕੇ ਪੰਥ ਤੇ ਆਏ ਸੰਕਟ ਲਈ ਵਿਚਾਰਾ ਕੀਤੀਆਂ ਜਾਣਗੀਆਂ।



ਮੀਟਿੰਗ ਤੋਂ ਬਾਅਦ ਜੱਥੇਦਾਰ ਵਡਾਲਾ ਨੇ ਮੀਡੀਆ ਦੇ ਸੰਬੋਧਨ ਹੁੰਦੇ ਹੋਏ ਕੇਂਦਰ ਵੱਲੋ ਪੰਜਾਬ ਨਾਲ ਜੁੜਿਆਂ ਮੁੱਦਿਆਂ ਤੇ ਗੰਭੀਰਤਾ ਨਹੀਂ ਦਿਖਾਈ ਜਾ ਰਹੀ,ਹਮੇਸ਼ਾ ਹੀ ਕੇਂਦਰ ਵੱਲੋਂ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾਂਦਾ ਰਿਹਾ ਹੈ ਚਾਹੇ ਪੰਜਾਬ ਵਿੱਚ ਕਿਸੇ ਵੀ ਪਾਰਟੀ ਦੀ ਸਰਕਾਰ ਹੋਵੇ। ਜੱਥੇਦਾਰ ਵਡਾਲਾ ਨੇ ਕਿਹਾ ਕਿ ਹੁਣ ਤਾਂ ਪੱਖਪਾਤ ਦੀ ਹੱਦ ਸੀਮਾ ਵੀ ਕੇਂਦਰ ਪਾਰ ਕਰ ਚੁੱਕਾ ਹੈ ਜਿਸ ਦਾ ਖ਼ੁਮਿਆਜ਼ਾ ਪੰਜਾਬ ਨੂੰ ਆਰਥਿਕ ਅਤੇ ਵਿਕਾਸ ਦੇ ਤੌਰ ਤੇ ਭੁਗਤਣਾ ਪਿਆ ਹੈ। ਓਹਨਾ ਨੇ ਕਿਹਾ ਕਿ ਬੇਸ਼ਕ ਕਈ ਅਹਿਮ ਮਸਲਿਆਂ ਤੇ ਸੂਬਾ ਭਗਵੰਤ ਮਾਨ ਸਰਕਾਰ ਕੇਂਦਰ ਸਰਕਾਰ ਸਾਹਮਣੇ ਮੁੱਦੇ ਰੱਖਣ ਵਿੱਚ ਨਾਕਾਮ ਰਹੀ ਹੈ ਪਰ ਕੇਂਦਰ ਸਰਕਾਰ ਵੱਲੋ ਵੀ ਦਿਹਾਤੀ ਵਿਕਾਸ ਫੰਡ ਰੋਕ ਕੇ ਪੰਜਾਬ ਪ੍ਰਤੀ ਬੇਗਾਨੀ ਦਾ ਅਹਿਸਾਸ ਦਿਵਾਇਆ ਹੈ। ਇਸ ਦੇ ਨਾਲ ਹੀ ਜੱਥੇਦਾਰ ਵਡਾਲਾ ਨੇ ਪਾਣੀਆਂ ਦੇ ਮੁੱਦੇ ਤੇ ਸਮੇਂ ਸਮੇਂ ਤੇ ਕੇਂਦਰ ਦੀਆਂ ਸਰਕਾਰਾਂ ਵਲੋਂ ਪੰਜਾਬ ਪ੍ਰਤੀ ਵਰਤੀ ਰਵਈਏ ਤੇ ਤਿੱਖਾ ਪ੍ਰਤੀਕਰਮ ਦਿੱਤਾ। ਓਹਨਾ ਕਿਹਾ ਕਿ ਅੱਜ ਪੰਜਾਬ ਨੂੰ ਆਪਣੇ ਪਾਣੀ ਦੀ ਮਲਕੀਅਤ ਸਾਬਿਤ ਕਰਨ ਲਈ ਜੱਦੋਜਹਿਦ ਕਰਨੀ ਪੈ ਰਹੀ ਹੈ। ਇਸ ਦੇ ਨਾਲ ਹੀ ਓਹਨਾ ਨੇ ਲਗਾਤਾਰ ਧਰਤੀ ਹੇਠਲੇ ਪਾਣੀ ਦੇ ਡੂੰਘੇ ਹੋ ਰਹੇ ਸੰਕਟ ਤੇ ਚਿੰਤਾ ਜਹਿਰ ਕੀਤੀ। ਜੱਥੇਦਾਰ ਵਡਾਲਾ ਨੇ ਕਿਹਾ ਕਿ ਅੱਜ ਪੀਣ ਵਾਲਾ ਪੰਜ ਆਬ ਦਾ ਪਾਣੀ ਪੂਰੀ ਤਰਾਂ ਜ਼ਿਹਰੀਲਾ ਦੂਸ਼ਿਤ ਹੋ ਚੁੱਕਾ ਹੈ ਜਿਸ ਲਈ ਸੂਬਾ ਸਰਕਾਰ ਦੀ ਕਿਤੇ ਵੀ ਗੰਭੀਰਤਾ ਦਿਖਾਈ ਨਹੀਂ ਦੇ ਰਹੀ । ਪਾਣੀ ਦੇ ਸੰਕਟ ਲਈ ਵੱਡੀ ਲੜਾਈ ਦੀ ਲੋੜ ਨੂੰ ਮਹਿਸੂਸ ਕਰਦਿਆਂ ਓਹਨਾ ਕਿਹਾ ਕਿ ਇਸ ਮੁੱਦੇ ਨੂੰ ਲੈਕੇ ਪੰਜਾਬ ਹਿਤੈਸ਼ੀਆਂ ਨੂੰ ਇੱਕਠੇ ਹੋਕੇ ਹੰਭਲਾ ਮਾਰਨ ਦੀ ਜਰੂਰਤ ਹੈ। ਉਹਨਾ ਜ਼ੋਰ ਦੇਕੇ ਕਿਹਾ ਕਿਸਾਨੀ ਨੂੰ ਬਚਾਉਣਾ ਹੈ ਤਾਂ ਬਾਰਡਰ ਖੋਲਣੇ ਚਾਹੀਦੇ ਹਨ ਤਾਂ ਕਿ ਖਾੜੀ ਮੁਲਕਾਂ ਚ ਸਾਡੀਆਂ ਫਸਲਾਂ ਜਾ ਸਕਣ। ਉਹਨਾਂ ਕਿਹਾ ਕਿ ਸਾਡੇ ਕਿਸਾਨ ਸੜਕਾਂ ਹਨ ਤੇ ਉਹਨਾਂ ਦੀ ਮੰਗ ਜਾਇਜ਼ ਹੈ ਕਿਉਂਕਿ ਐਮਐਸਪੀ ਦੀ ਗਰੰਟੀ ਕਾਨੂੰ ਬਣਾਉਣ ਦਾ ਵਾਅਦਾ ਕੇਂਦਰ ਨੇ ਕੀਤਾ ਸੀ ਜੋ ਤੁਰੰਤ ਪੂਰਾ ਕੀਤਾ ਜਾਵੇ। ਉਹਨਾਂ ਕਿਹਾ ਬਾਸਪਤੀ ਤੇ ਟੈਕਸ ਘਟਾਇਆ ਜਾਵੇ ਤੇ ਪਰਮਲ ਨੂੰ ਐਕਸਪੋਰਟ ਕਰ ਪੰਜਾਬ ਦੇ ਗੋਦਾਮ ਖਾਲੀ ਕੀਤੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਥਕ ਮੁੱਦਿਆਂ ਤੇ ਆਪਣੀਆਂ ਜਿੰਮੇਵਾਰੀਆਂ ਦਾ ਅਹਿਸਾਸ ਦਾ ਪ੍ਰਗਟਾਵਾ ਕਰਦਿਆਂ ਓਹਨਾ ਕਿਹਾ ਕਿ ਪੰਜਾਬ ਨਾਲ ਸੰਬਧਿਤ ਜੇਲ੍ਹਾਂ ਵਿੱਚ ਬੰਦ ਸਿੰਘਾਂ ਨਾਲ ਕਾਨੂੰਨ ਦੇ ਉਲਟ ਵਤੀਰਾ ਵਰਤਿਆ ਜਾ ਰਿਹਾ ਹੈ। ਆਪਣਿਆਂ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨਾਲ ਸੰਵਿਧਾਨਿਕ ਹੱਕਾਂ ਨੂੰ ਛਿੱਕੇ ਟੰਗਿਆ ਜਾ ਚੁੱਕਾ ਹੈ। ਨੌਜਵਾਨਾਂ ਤੇ ਲਗਾਤਾਰ ਐਨ. ਐਸ. ਏ. ਵਰਗਾ ਕਾਨੂੰਨ ਗਲਤ ਤਰੀਕੇ ਨਾਲ ਵਰਤਿਆ ਜਾ ਰਿਹਾ ਹੈ। ਭਾਈ ਬਲਵੰਤ ਸਿੰਘ ਰਾਜੋਆਣਾ ਦੇ ਫਾਂਸੀ ਦੇ ਫੈਸਲੇ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਦੀ ਪ੍ਰਕਿਰਿਆ ਵਿੱਚ ਤੇਜੀ ਲਿਆਉਣ ਦੀ ਵਕਾਲਤ ਕੀਤੀ।

ਇਸ ਤੋਂ ਇਲਾਵਾ ਮੌਜੂਦਾ ਪੰਥਕ ਸੰਕਟ ਤੇ ਓਹਨਾ ਕਿਹਾ ਕਿ ਖਾਲਸਾ ਪੰਥ ਨੂੰ ਇੱਕ ਵਿਧਾਨ ਇੱਕ ਸੰਵਿਧਾਨ ਅਤੇ ਝੰਡੇ ਹੇਠ ਲਿਆਉਣ ਦੀ ਓਹ ਹਰ ਕੋਸ਼ਿਸ਼ ਕਰ ਰਹੇ ਹਨ ਅਤੇ ਉਹਨਾਂ ਪੰਜ ਸਿੰਘ ਸਹਿਬਾਨਾਂ , ਸਿੱਖ ਬੁੱਧੀਜੀਵੀਆਂ ਅਤੇ ਪੰਥ ਦਰਦੀਆਂ ਨੂੰ ਅਪੀਲ ਕੀਤੀ ਸਿੱਖ ਕੌਮ ਨੂੰ ਮੁੜ ਇਕ ਮੰਚ ਤੇ ਇਕੱਠਾ ਕਰਨ ਲਈ ਧਾਰਮਿੱਕ ਸਖਸੀਅਤਾਂ ਦੀ ਕਮੇਟੀ ਬਣਾ ਕੇ ਹੱਲ ਕੱਢਣ ਦੀ ਪਹਿਲ ਕਰਨ। ਇਸ ਦੇ ਨਾਲ ਹੀ ਜਥੇਦਾਰ ਵਡਾਲਾ ਨੇ ਕਿਹਾ ਕਿ ਖਾਲਸਾ ਪੰਥ ਦੀ ਮਜ਼ਬੂਤੀ ਅਤੇ ਮਸਲਿਆਂ ਦਾ ਹੱਲ ਆਪਸੀ ਏਕਤਾ ਵਿੱਚ ਹੈ। ਉਹਨਾਂ ਸਮੁੱਚੇ ਪੰਥ ਨੂੰ ਐਸਜੀਪੀਸੀ ਦੀਆਂ ਵੋਟਾਂ ਬਣਾਉਣ ਲਈ ਕਿਹਾ।

ਸੁਖਬੀਰ ਸਿੰਘ ਬਾਦਲ ਦੇ ਮੁੜ ਅਸਤੀਫ਼ੇ ਦੀ ਮੰਗ ਕਰਦਿਆਂ ਕਿ, ਤਨਖਾਹੀਆ ਕਰਾਰ ਹੋਣ ਦਾ ਮਤਲਬ ਹੈ ਕੋਈ ਸਿੱਖ ਉਹਨਾਂ ਨਾਲ ਗੱਲ ਨਹੀ ਕਰ ਸਕਦਾ, ਉਹ ਕਿਸੇ ਵੀ ਸਮਾਜਿੱਕ ਸਮਾਗਮ ਚ ਹਿੱਸਾ ਨਹੀਂ ਲੈ ਸਕਦੇ, ਕਿਸੇ ਵੀ ਤਖ਼ਤ ਸਾਹਿਬ ਤੇ ਮੱਥਾ ਨਹੀ ਟੇਕ ਸਕਦੇ, ਕਿਸੇ ਵੀ ਗੁਰੂ ਘਰ ਉਹਨਾਂ ਦੀ ਅਰਸਾਸ ਨਹੀ ਹੋ ਸਕਦੀ ਅਤੇ ਨਾ ਹੀ ਉਸ ਦੀ ਦੇਗ ਪ੍ਰਵਾਨ ਹੋ ਸਕਦੀ। ਇਤਿਹਾਸ ਗਵਾਹ ਹੈ ਕਿ ਜਦੋਂ ਮਹਾਰਾਜਾ ਰਣਜੀਤ ਸਿੰਘ ਨੂੰ ਤਨਖਾਹੀਆ ਕਰਾਰ ਦਿੱਤਾ ਸੀ ਤਾਂ ਉਸ ਦੇ ਅਹਿਲਕਾਰਾਂ ਨੇ ਵੀ ਮੂੰਹ ਮੋੜ ਲਏ ਸਨ ਤੇ ਕੋਈ ਫਤਿਹ ਨਹੀ ਸੀ ਬੁਲਾਉਂਦਾ ਸੀ। ਸੋ ਸ਼੍ਰੋਮਣੀ ਅਕਾਲੀ ਦਲ ਦੇ ਮੁਢਲੇ ਸੰਵਿਧਾਨ ਚ ਸੀ ਕਿ ਪਤਿਤ ਤੇ ਤਨਖਾਹੀਏ ਨੂੰ ਪਾਰਟੀ ਦਾ ਮੁਢਲਾ ਮੈਂਬਰ ਨਹੀਂ ਬਣਾਇਆ ਜਾ ਸਕਦਾ ਤਾਂ ਤਨਖਾਹੀਆ ਪੰਥਕ ਪਾਰਟੀ ਦਾ ਪ੍ਰਧਾਨ ਕਿਵੇ ਰਹਿ ਸਕਦਾ ਹੈ। ਸੁਖਬੀਰ ਸਿੰਘ ਬਾਦਲ ਕੁਰਸੀ ਦਾ ਮੋਹ ਨੂੰ ਤਿਆਗ ਨਹੀ ਰਹੇ ਜਿਸ ਨਾਲ ਇਸ ਗੱਲ ਤੇ ਮੋਹਰ ਲੱਗਦੀ ਹੈ ਕਿ ਓਹਨਾ ਦੀ ਨਜਰ ਅਤੇ ਸਮਝ ਵਿੱਚ ਨਿਮਾਣੇ ਸਿੱਖ ਦੀ ਪਰਿਭਾਸ਼ਾ ਵੱਖਰੀ ਹੈ ਜਿਸ ਲਈ ਉਹ ਹਰ ਹੀਲੇ ਹਰ ਕੀਮਤ ਉਪਰ ਕੁਰਸੀ ਦੀ ਤਾਕਤ ਨੂੰ ਤਰਜ਼ੀਹ ਦੇ ਰਹੇ ਹਨ।

ਉਹਨਾਂ ਕਿਹਾ ਬੀਤੇ ਦਿਨ ਪੰਜ ਸਾਹਿਬਾਨਾਂ ਵਲੋਂ ਸੁਣਾਏ ਫੈਸਲੇ ਨੇ ਜਿੱਥੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉਚਤਾ ਨੂੰ ਬਰਕਰਾਰ ਰੱਖਿਆ ਹੈ ਉੱਥੇ ਦਰਸਾ ਦਿੱਤਾ ਹੈ ਕਿ ਕਿਸੇ ਵੀ ਪਦਵੀ ਤੇ ਕਿੰਨਾਂ ਵੀ ਵੱਡਾ ਇੰਨਸਾਨ ਹੋਵੇ ਪਰ ਸ੍ਰੀ ਹਰਿਗੋਬਿੰਦ ਸਾਹਿਬ ਪਾਤਸ਼ਾਹ ਜੀ ਦੇ ਤਖ਼ਤ ਤੋਂ ਹਮੇਸ਼ਾ ਹੀ ਗੁਨਾਹਗਾਰਾ ਨੂੰ ਸਜ਼ਾਵਾਂ ਤੇ ਨਿਮਾਣਿਆਂ ਨੂੰ ਮਾਣ ਮਿਲਿਆ ਹੈ। ਉਹਨਾਂ ਕਿਹਾ ਕਿ ਇਸ ਫੈਸਲੇ ਨਾਲ ਸਿੱਖ ਸੰਗਤ ਵਿਚ ਜੱਥੇਦਾਰਾਂ ਸਾਹਿਬਾਨਾਂ ਪ੍ਰਤੀ ਆਸਥਾ ਵਿਸ਼ਵਾਸ ਅਤੇ ਸਤਿਕਾਰ ਦੀ ਭਾਵਨਾ ਬੁਲੰਦ ਹੋਈ ਹੈ।

ਇਸ ਸਮੇਂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਜਗੀਰ ਕੌਰ, ਬਲਦੇਵ ਸਿੰਘ ਮਾਨ, ਸਰਵਨ ਸਿੰਘ ਫਿਲੌਰ, ਸ: ਸੁੱਚਾ ਸਿੰਘ ਛੋਟੇਪੁੱਰ, ਸੰਤਾ ਸਿਮਘ ਉਮੈਦਪੁਰ, ਪ੍ਰਮਿੰਦਰ ਸਿੰਘ ਢੀਡਸਾ, ਸੁਰਿੰਦਰ ਸਿੰਘ ਭੁਲੇਵਾਲਰਾਠਾ, ਚਰਨਜੀਤ ਸਿੰਘ ਬਰਾੜ, ਹਰਿੰਦਰਪਾਲ ਸਿੰਘ ਚੰਦੂਮਾਜਰਾ, ਪਰਮਜੀਤ ਕੌਰ ਗੁਲਸ਼ਨ, ਗਗਨਜੀਤ ਸਿਮਘ ਬਰਨਾਲਾ, ਪਰਮਜੀਤ ਕੌਰ ਲਾਡਰਾਂ, ਬੀਬੀ ਕਿਰਨਜੋਤ ਕੌਰ, ਹਰਿੰਦਰ ਸਿੰਘ ਟੌਹੜਾ, ਜਸਟਿਸ ਨਿਰਮਲ ਸਿੰਘ, ਸ ਸੁਖਵਿੰਦਰ ਸਿੰਘ ਔਲਖ, ਸ ਤੇਜਿੰਦਰਪਾਲ ਸਿੰਘ ਸੰਧੂ, ਬੀਬੀ ਸਤਵਿੰਦਰ ਕੌਰ ਧਾਲੀਵਾਲ, ਸ ਜਰਨੈਲ ਸਿੰਘ ਕਰਤਾਰਪੁਰ, ਹਰਜੀਤ ਕੌਰ ਤਲਵੰਡੀ, ਸ ਕਰਨੈਲ ਸਿੰਘ ਪੰਜੋਲੀ, ਸ ਮਹਿੰਦਰ ਸਿੰਘ ਹੁਸੈਨਪੁਰ, ਸ ਤੇਜਾ ਸਿੰਘ ਕਮਾਲਪੁਰ, ਸ ਸੁਖਵਿੰਦਰ ਸਿੰਘ ਰਾਜਲਾ, ਬੀਬੀ ਹਰਜੀਤ ਕੌਰ ਤਲਵੰਡੀ, ਬੀਬੀ ਸੁਰਿੰਦਰ ਕੌਰ ਦਿਆਲ, ਸ ਰਣਧੀਰ ਸਿੰਘ ਰੱਖੜਾ, ਸ ਕੁਲਵੀਰ ਸਿੰਘ, ਸ ਸਤਵਿੰਦਰ ਸਿੰਘ ਢੱਟ, ਸ ਅਵਤਾਰ ਸਿੰਘ ਕਲੇਰ, ਸ ਅਵਤਾਰ ਸਿੰਘ ਜੌਹਲ, ਸ ਕਸ਼ਮੀਰ ਸਿੰਘ ਬਰਿਆਲ, ਸ ਗੁਰਕਿਰਪਾਲ ਸਿੰਘ ਬਠਿੰਡਾ, ਸ ਅਮਰਜੀਤ ਸਿੰਘ ਕਿਸ਼ਨਪੁਰਾ, ਸ ਪਵਨਪ੍ਰੀਤ ਸਿੰਘ ਮਚਾਕੀ ਖੁਰਦ, ਸ ਸਰਬਜੀਤ ਸਿੰਘ ਡੂਮਵਾਲੀ, ਸ ਹਰਵੇਲ ਸਿੰਘ ਮਾਧੋਪੁਰ, ਸ ਮਨਜੀਤ ਸਿੰਘ ਬਪੀਆਣਾ, ਸ ਅਜੀਤ ਸਿੰਘ ਕੁਤਬਾ, ਬੀਬੀ ਸਿਮਰਜੀਤ ਕੌਰ ਸਿੱਧੂ, ਸ ਜਗਤਾਰ ਸਿੰਘ ਰਾਜੇਆਣਾ, ਸ ਕਰਨ ਸਿੰਘ ਘੁਮਾਣ , ਸ ਹਰਦੇਵ ਸਿੰਘ ਰੋਗਲਾ, ਸ ਰਾਮਪਾਲ ਸਿੰਘ ਬੈਨੀਵਾਲ, ਸ ਹਰਿੰਦਰਪਾਲ ਸਿੰਘ ਦਿੱਲੀ, ਸ ਹਰਪ੍ਰੀਤ ਸਿੰਘ ਬੰਨੀ ਜੋਲੀ ਦਿੱਲੀ ਆਦਿ ਹਾਜ਼ਰ ਸਨ।










ਦਮਦਮੀ ਟਕਸਾਲ ਦੇ ਮੁਖੀ ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਇੰਗਲੈਂਡ ਅਤੇ ਅਮਰੀਕਾ ਤੋਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਦੀ ਸੰਖੇਪ ਜਿਹੀ ਫੇਰੀ ਤੋਂ ਬਾਅਦ ਅੱਜ ਮੁੰਬਈ ਇੰਟਰਨੈਸ਼ਨਲ ਏਅਰਪੋਟਰ ਤੋਂ ਬਾਹਰ ਆਂਉਦੇ ਹੋਏ।





ਕਥਾ ਵਿਚਾਰ
ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ
ਮਿਤੀ 2-3 ਸਤੰਬਰ
ਦਿਨ ਸੋਮਵਾਰ ਤੇ ਮੰਗਲਵਾਰ
ਸੰਪਰਕ 98140-13915
ਸਮਾਂ : ਸਵੇਰੇ 7.30 ਤੋਂ 8.30 ਤੱਕ
ਸਿੱਧਾ ਪ੍ਰਸਾਰਨ : CHARDIKLA TIME TV
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ

ਸਤਿਕਾਰਯੋਗ ਖ਼ਾਲਸਾ ਜੀਓ !

ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹ॥

ਸ੍ਰੀ ਗੁਰੂ ਰਾਮਦਾਸ ਜੀ ਦੇ ੪੫੦ ਸਾਲਾ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ੪੫੦ ਸਾਲਾ ਜੋਤੀ-ਜੋਤਿ ਦਿਵਸ ਨੂੰ ਸਮਰਪਿਤ ਪੰਥਕ ਰਵਾਇਤ ਅਤੇ ਪੂਰੇ ਜਾਹੋ-ਜਲਾਲ ਨਾਲ ਹੇਠ ਲਿਖੇ ਅਨੁਸਾਰ ਵਿਸ਼ੇਸ਼ ਗੁਰਮਤਿ ਸਮਾਗਮ ਉਲੀਕੇ ਗਏ ਹਨ। ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਬੇਨਤੀ ਹੈ ਕਿ ਆਪ ਜੀ ਆਪਣੇ ਪਰਿਵਾਰਾਂ ਸਮੇਤ ਇਨ੍ਹਾਂ ਗੁਰਮਤਿ ਸਮਾਗਮਾਂ ਵਿਚ ਸ਼ਾਮਲ ਹੋ ਕੇ ਗੁਰੂ-ਘਰ ਦੀਆਂ ਖੁਸ਼ੀਆਂ ਅਤੇ ਬਖਸ਼ਿਸ਼ਾਂ ਪ੍ਰਾਪਤ ਕਰੋ ਜੀ।

## 30 ਅਗਸਤ ਤੋਂ 01 ਸਤੰਬਰ, 2024 ਨੂੰ ਗੁਰਦੁਆਰਾ ਸੰਨ੍ਹ ਸਾਹਿਬ, ਬਾਸਰਕੇ ਗਿੱਲਾਂ, ਸ੍ਰੀ ਅੰਮ੍ਰਿਤਸਰ ਵਿਖੇ ਹੋਣ ਵਾਲੇ ਸਮਾਗਮ

30 ਅਗਸਤ, 2024 ਨੂੰ ਸਵੇਰੇ 09:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਵੇਗਾ।



# ਕੀਰਤਨ ਦਰਬਾਰ



### ੧੬ ਭਾਦੋਂ, ਨਾਨਕਸ਼ਾਹੀ ਸੰਮਤ ੫੫੬ (31 ਅਗਸਤ, 2024)

ਰਾਤ

08:00-08:45 ਭਾਈ ਗਗਨਦੀਪ ਸਿੰਘ ਜੀ, ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।
08:45-09:30 ਭਾਈ ਅਰਵਿੰਦਰ ਸਿੰਘ ਜੀ ਨੂਰ, ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।
09:30-10:25 ਭਾਈ ਸਤਪਾਲ ਸਿੰਘ ਜੀ ਐੱਮ.ਏ., ਢਾਡੀ ਜਥਾ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ।
10:25-11:00 ਭਾਈ ਜਸਵਿੰਦਰ ਸਿੰਘ ਜੀ ਸ਼ਹੂਰ, ਸਾਬਕਾ ਹੈੱਡ ਪ੍ਰਚਾਰਕ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ।
11:00 ਹੁਕਮਨਾਮਾ/ਸਮਾਪਤੀ ਭਾਈ ਗੁਰਚਰਨ ਸਿੰਘ ਜੀ ਅਰਦਾਸੀਆ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ




# ਅੰਮ੍ਰਿਤ-ਸੰਚਾਰ ਸਮਾਗਮ

31 ਅਗਸਤ, 2024, ਦੁਪਹਿਰ 12:00 ਵਜੇ
ਗੁਰਦੁਆਰਾ ਸੰਨ੍ਹ ਸਾਹਿਬ, ਬਾਸਰਕੇ ਗਿੱਲਾਂ, ਸ੍ਰੀ ਅੰਮ੍ਰਿਤਸਰ ਵਿਖੇ

ਅੰਮ੍ਰਿਤ-ਅਭਿਲਾਖੀ ਸੰਗਤ ਸਮੇਂ ਸਿਰ ਪਹੁੰਚ ਕੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰੋ ਜੀ।
ਨੋਟ: ਧਰਮ ਪ੍ਰਚਾਰ ਕਮੇਟੀ ਵੱਲੋਂ ਕਕਾਰ ਭੇਟਾ-ਰਹਿਤ ਦਿੱਤੇ ਜਾਣਗੇ।

01 ਸਤੰਬਰ, 2024 ਨੂੰ ਸਵੇਰੇ 09:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ।
09:30-10:00 ਭਾਈ ਜਬਰਤੋੜ ਸਿੰਘ ਜੀ, ਹਜ਼ੂਰੀ ਰਾਗੀ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

# ਨਗਰ ਕੀਰਤਨ



### ੧੭ ਭਾਦੋਂ, ਨਾਨਕਸ਼ਾਹੀ ਸੰਮਤ ੫੫੬ (01 ਸਤੰਬਰ, 2024)

ਸਵੇਰੇ 10:00 ਵਜੇ ਗੁਰਦੁਆਰਾ ਸੰਨ੍ਹ ਸਾਹਿਬ, ਬਾਸਰਕੇ ਗਿੱਲਾਂ, ਸ੍ਰੀ ਅੰਮ੍ਰਿਤਸਰ ਤੋਂ ਨਗਰ ਕੀਰਤਨ ਆਰੰਭ ਹੋਵੇਗਾ, ਜੋ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ, (ਤਰਨ ਤਾਰਨ) ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਸ੍ਰੀ ਗੋਇੰਦਵਾਲ ਸਾਹਿਬ, (ਤਰਨ ਤਾਰਨ) ਵਿਖੇ ਸ਼ਾਮ ਨੂੰ ਸੰਪੰਨ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



**ਨਵੀਂ ਦਿੱਲੀ, 31 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਪੰਜਾਬ ਦੇ ਨਵੇਂ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਅੱਜ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੀ ਮੌਜੂਦ ਸਨ। ਪਾਵਨ ਅਸਥਾਨ ਦੇ ਦਰਸ਼ਨ ਕਰਨ ਉਪਰੰਤ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਦੀਆਂ ਕੁਰਬਾਨੀਆਂ ਸਦਕਾ ਦੇਸ਼ ਅਤੇ ਦੇਸ਼ ਦੀ ਸੰਸਕ੍ਰਿਤੀ ਸਾਡੇ ਪਾਸ ਸੁਰੱਖਿਅਤ ਹੈ। ਉਨ੍ਹਾਂ ਕਿਹਾ ਕਿ ਦੇਸ਼ ਦਾ ਹਰ ਬਾਸ਼ਿੰਦਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣਾ ਚਾਹੁੰਦਾ ਹੈ। ਉਹ ਵੀ ਨਵੀਂ ਜ਼ੁੰਮੇਵਾਰੀ ਮਿਲਣ 'ਤੇ ਗੁਰੂ ਸਾਹਿਬ ਦਾ ਅਸ਼ੀਰਵਾਦ ਲੈਣ ਆਏ ਹਨ, ਤਾਂ ਕਿ ਆਪਣੇ ਖੇਤਰ ਵਿਚ ਇਮਾਨਦਾਰੀ ਨਾਲ ਲੋਕਾਂ ਦੀ ਸੇਵਾ ਕਰ ਸਕਣ।

ਇਸੇ ਦੌਰਾਨ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪੂਰੇ ਵਿਸ਼ਵ ਦੇ ਲੋਕਾਂ ਲਈ ਸ਼ਰਧਾ ਦਾ ਕੇਂਦਰ ਹੈ ਅਤੇ ਇਥੇ ਨਤਮਸਤਕ ਹੋ ਕੇ ਸੰਗਤਾਂ ਦੇ ਨਾਲ-ਨਾਲ ਪ੍ਰਮੁੱਖ ਸ਼ਖ਼ਸੀਅਤਾਂ ਵੀ ਸ਼ਰਧਾ ਪ੍ਰਗਟਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਨਵੇਂ ਬਣੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨਤਮਸਤਕ ਹੋਣ ਪੁੱਜੇ ਹਨ, ਜਿਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ ਦਿੱਤਾ ਗਿਆ ਹੈ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਤੇ ਸ. ਹਰਭਜਨ ਸਿੰਘ ਈਟੀਓ, ਮੈਨੇਜਰ ਸ. ਨਰਿੰਦਰ ਸਿੰਘ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ ਸਮੇਤ ਹੋਰ ਮੌਜੂਦ ਸਨ।

### ਸੁਖਬੀਰ ਸਿੰਘ ਬਾਦਲ ਤੇ ਬਾਗੀ ਦਲ ਦੇ

# ਸਮੁੱਚੇ ਦੋਸ਼ੀ ਆਗੂਆਂ ਨੂੰ ਕੌਮੀ ਭਾਵਨਾਵਾ ਅਨੁਸਾਰ ਸੁਣਾਈ ਜਾਵੇ ਸਜ਼ਾ: ਟਿਵਾਣਾ



**ਨਵੀਂ ਦਿੱਲੀ, 31 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** "ਜੋ ਬੀਤੇ ਕੁਝ ਸਮੇ ਤੋ ਸਿੱਖ ਕੌਮ ਦੀਆਂ ਮਹਾਨ ਸੰਸਥਾਵਾਂ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਸੰਸਥਾਵਾਂ ਉਤੇ ਬਿਰਾਜਮਾਨ ਸਖਸੀਅਤਾਂ ਦੀ ਦ੍ਰਿੜਤਾ ਤੇ ਦੂਰਅੰਦੇਸ਼ੀ ਦੀ ਘਾਟ ਕਾਰਨ ਅਤੇ ਸਿਆਸੀ ਸਵਾਰਥਾਂ ਦੀ ਪੂਰਤੀ ਅਧੀਨ ਹੋਈਆ ਗੈਰ ਇਖਲਾਕੀ ਕਾਰਵਾਈਆ ਦੀ ਬਦੌਲਤ ਖਾਲਸਾ ਪੰਥ ਅਤੇ ਸਿੱਖ ਕੌਮ ਡੂੰਘੇ ਭੰਬਲਭੂਸੇ ਅਤੇ ਰੋਹ ਵਿਚ ਹੈ। ਉਸ ਸਥਿਤੀ ਨੂੰ ਤਦ ਹੀ ਸਹੀ ਦਿਸ਼ਾ ਵੱਲ ਬਰਕਰਾਰ ਰੱਖਿਆ ਜਾ ਸਕੇਗਾ ਜੇਕਰ ਮੌਜੂਦਾ ਜਥੇਦਾਰ ਸਾਹਿਬਾਨ ਬਿਨ੍ਹਾਂ ਕਿਸੇ ਸਿਆਸੀ ਪ੍ਰਭਾਵ ਨੂੰ ਕਬੂਲਣ ਤੋ ਨਿਰਪੱਖਤਾ ਤੇ ਦ੍ਰਿੜਤਾ ਨਾਲ ਸ. ਸੁਖਬੀਰ ਸਿੰਘ ਬਾਦਲ ਅਤੇ ਬਾਗੀ ਦਲ ਦੇ ਸਮੁੱਚੇ ਦੋਸ਼ੀ ਆਗੂਆਂ ਨੂੰ ਸਿੱਖ ਕੌਮ ਦੀਆਂ ਭਾਵਨਾਵਾ ਅਨੁਸਾਰ ਸਜਾ ਦਿਵਾਉਣ ਦੇ ਉਦਮ ਕਰ ਸਕਣਗੇ । ਵਰਨਾ ਸਿੱਖ ਕੌਮ ਵਿਚ ਭੰਬਲਭੂਸੇ ਵਾਲੀ ਸਥਿਤੀ ਹੋਰ ਵੀ ਚਿੰਤਾਜਨਕ ਬਣ ਜਾਵੇਗੀ । ਜਿਸ ਲਈ ਮੌਜੂਦਾ 5 ਤਖਤਾਂ ਦੇ ਜਥੇਦਾਰ ਸਾਹਿਬਾਨ ਉਤੇ ਵੱਡੀ ਜਿੰਮੇਵਾਰੀ ਆ ਜਾਂਦੀ ਹੈ । ਸਿੱਖ ਕੌਮ ਜਿਵੇ ਸੁਖਬੀਰ ਬਾਦਲ ਤੇ ਬਾਗੀ ਦੁਰਕਾਰੇ ਜਾ ਚੁੱਕੇ ਆਗੂਆਂ ਨੂੰ ਕਿਸੇ ਤਰ੍ਹਾਂ ਵੀ ਮੁਆਫ ਨਹੀ ਕਰ ਰਹੀ, ਜੇਕਰ ਸਿੰਘ ਸਾਹਿਬਾਨ ਨੇ ਸਹੀ ਦਿਸ਼ਾ ਵੱਲ ਉਦਮ ਨਾ ਕੀਤਾ ਤਾਂ ਸਿੰਘ ਸਾਹਿਬਾਨ ਦੇ ਸਤਿਕਾਰ ਮਾਣ ਨੂੰ ਡੂੰਘੀ ਠੇਸ ਪਹੁੰਚ ਸਕਦੀ ਹੈ । ਇਸ ਲਈ ਜਥੇਦਾਰ ਸਾਹਿਬਾਨ ਨੂੰ ਇਹ ਸੰਜ਼ੀਦਾ ਅਪੀਲ ਹੈ ਕਿ ਜੇਕਰ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨ ਸੰਸਥਾਂ ਅਤੇ ਆਪਣੇ ਸਤਿਕਾਰ ਮਾਣ ਨੂੰ ਸਦੀਵੀ ਕਾਇਮ ਰੱਖਣਾ ਹੈ, ਤਾਂ ਉਹ ਸਿਆਸੀ ਆਗੂਆਂ ਦੇ ਪ੍ਰਭਾਵ ਤੋ ਰਹਿਤ ਹੋ ਕੇ ਸ. ਸੁਖਬੀਰ ਸਿੰਘ ਬਾਦਲ ਅਤੇ ਦੂਸਰੇ ਬਾਗੀ ਆਗੂਆਂ ਦੇ ਮਾਮਲੇ ਉਤੇ ਫੈਸਲਾ ਕਰਦੇ ਹੋਏ ਕੌਮੀ ਭਾਵਨਾਵਾ ਅਨੁਸਾਰ ਇਤਿਹਾਸਿਕ ਫੈਸਲਾ ਸੁਣਾਉਣ ਦੀ ਦ੍ਰਿੜਤਾ ਨਾਲ ਜਿੰਮੇਵਾਰੀ ਨਿਭਾਉਣ ।" ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 2007 ਤੋ ਲੈਕੇ 2017 ਤੱਕ ਅਕਾਲੀ ਦਲ ਬਾਦਲ ਦੇ ਸਮੁੱਚੇ ਆਗੂਆਂ ਵੱਲੋਂ ਆਪਣੇ ਸਿਆਸੀ ਅਤੇ ਮਾਲੀ ਸਵਾਰਥਾਂ ਦੇ ਗੁਲਾਮ ਬਣਕੇ ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਨਾਲ ਕੀਤੇ ਗਏ ਵੱਡੇ ਧੋਖੇ ਅਤੇ ਫਰੇਬ ਅਤੇ ਸਿੱਖ ਕੌਮ ਉਤੇ ਹੋਏ ਜ਼ਬਰ ਜੁਲਮ ਲਈ ਇਨ੍ਹਾਂ ਨੂੰ ਸਿੱਧੇ ਤੌਰ ਤੇ ਜਿੰਮੇਵਾਰ ਠਹਿਰਾਉਦੇ ਹੋਏ ਅਤੇ ਜਥੇਦਾਰ ਸਾਹਿਬਾਨ ਨੂੰ ਨਿਰਪੱਖਤਾ ਨਾਲ ਇਸ ਗੰਭੀਰ ਵਿਸੇ ਤੇ ਦ੍ਰਿੜਤਾ ਨਾਲ ਸਹੀ ਫੈਸਲਾ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਅਜਿਹਾ ਅਮਲ ਕਰਨ ਨਾਲ ਹੀ ਇਨ੍ਹਾਂ ਮਹਾਨ ਸੰਸਥਾਵਾਂ ਦੇ ਕੌਮਾਂਤਰੀ ਪੱਧਰ ਦੇ ਵੱਡੇ ਰੁਤਬੇ ਅਤੇ ਸਤਿਕਾਰ ਨੂੰ ਕਾਇਮ ਰੱਖਿਆ ਜਾ ਸਕੇਗਾ, ਉਥੇ ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਦੀਆਂ ਦੁਸਮਣ ਤਾਕਤਾਂ ਦੀਆਂ ਸਾਜਿਸਾਂ ਨੂੰ ਸਮਝਦੇ ਹੋਏ ਕੌਮੀ ਸੋਚ ਤੇ ਲੀਹਾਂ ਅਨੁਸਾਰ ਗੁਰੂ ਆਸੇ ਅਨੁਸਾਰ ਫਿਰ ਤੋ ਗੁਰੂ ਮਰਿਯਾਦਾਵਾ ਤੇ ਸੋਚ ਅਨੁਸਾਰ ਫੈਸਲੇ ਹੋਣ ਦਾ ਮੁੱਢ ਵੱਝ ਸਕੇਗਾ । ਜਥੇਦਾਰ ਸਾਹਿਬਾਨ ਦੇ ਸਤਿਕਾਰ ਵਿਚ ਵੀ ਢੇਰ ਸਾਰਾ ਵਾਧਾ ਹੋਵੇਗਾ । ਇਸ ਦੇ ਨਾਲ ਹੀ ਕੌਮਾਂਤਰੀ ਪੱਧਰ ਤੇ ਸਿੱਖੀ ਦਾ ਬੋਲਬਾਲਾ ਮਜਬੂਤ ਹੋਣ ਵਿਚ ਵੱਡੀ ਮਦਦ ਮਿਲੇਗੀ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਮੌਜੂਦਾ ਤਖਤਾਂ ਦੇ ਸਿੰਘ ਸਾਹਿਬਾਨ ਇਸ ਹੋਣ ਜਾ ਰਹੇ ਇਤਿਹਾਸਿਕ ਫੈਸਲੇ ਨੂੰ ਇਕ ਯਾਦਗਰੀ ਫੈਸਲਾ ਬਣਾਕੇ ਆਉਣ ਵਾਲੇ ਸਮੇ ਵਿਚ ਇਨ੍ਹਾਂ ਸੰਸਥਾਵਾਂ ਤੋ ਸਿੱਖ ਕੌਮ ਨੂੰ ਸੁਚੱਜੀ ਅਤੇ ਦੂਰਅੰਦੇਸ਼ੀ ਵਾਲੀ ਅਗਵਾਈ ਦੇਣ ਵਿਚ ਕਾਮਯਾਬ ਹੋਣਗੇ ਅਤੇ ਦੁਸਮਣ ਤਾਕਤਾਂ ਨੂੰ ਇਕ ਤਾਕਤ ਹੋ ਕੇ ਚੁਣੌਤੀ ਦੇਣ ਵਿਚ ਵੀ ਸਫਲ ਹੋਣਗੇ ।

# ਸੀ ਐਚ ਸੀ ਤਰਸਿੱਕਾ ਵਿਖੇ ਅੱਖਾਂ ਦੇ ਪੰਦਰਵਾੜਾ ਮਨਾਇਆ



**ਚੌਕ ਮਹਿਤਾ, 31 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਡਾ. ਕਿਰਨਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਕਮਿਊਨਿਟੀ ਹੈਲਥ ਸੈਂਟਰ ਤਰਸਿੱਕਾ ਦੇ ਸੀਨੀਅਰ ਮੈਡੀਕਲ ਅਫਸਰ ਡਾ ਮੋਨਾ ਚਥਰਥ ਦੀ ਅਗਵਾਈ ਹੇਠ ਸੀ ਐਚ ਸੀ ਤਰਸਿੱਕਾ ਵਿਖੇ ਅੱਖਾ ਦਾਨ ਦੇ ਪੰਦਰਵਾੜਾ ਮਨਾਇਆ ਗਿਆ ਬਲਾਕ ਤਰਸਿੱਕਾ ਦੇ ਸਮੂਹ ਸਟਾਫ ਅਤੇ ਹਸਪਤਾਲ ਵਿਚ ਇਲਾਜ਼ ਲਈ ਆਏ ਮਰੀਜ਼ਾ ਨੂੰ ਅੱਖਾ ਦਾਨ ਦੇ ਮਹੱਤਵ ਬਾਰੇ ਜਾਗਰੂਕ ਕੀਤਾ। ਇਸ ਸਬੰਧੀ ਸੰਬੋਧਨ ਕਰਦਿਆਅੱਖਾ ਦੇ ਮਾਹਿਰ ਐਸ ਐਮ ਓ ਡਾ ਮੋਨਾ ਚਥਰਥ ਜੀ ਨੇ ਦੱਸਿਆ ਕਿ ਅੱਖਾ ਦਾਨ ਕਰਨ ਵਾਲਾ ਇਕ ਵਿਅਕਤੀ ਦੋ ਲੋਕਾ ਦੀ ਜਿੰਦਗੀ ਵਿਚ ਰੋਸ਼ਨ ਲਿਆ ਸਕਦਾ ਹੈ। ਇਸ ਲਈ ਸਾਨੂੰ ਆਪਣੇ ਜਿਊਂਦੇ ਹੋਏ ਅੱਖਾ ਦਾਨ ਕਰਨ ਲਈ ਫਾਰਮ ਭਰ ਦੇਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਇਹ ਫਾਰਮ ਸਰਕਾਰੀ ਹਸਪਤਾਲਾ ਵਿਚੋਂ ਪ੍ਰਾਪਤ ਕੀਤਾ ਜਾ ਸਕਦਾ ਹੈ। ਅੱਖਾ ਦਾਨ ਲਈ ਆਨਲਾਈਨ ਸਰਕਾਰੀ ਵੈਬਸਾਈਟ ਤੇ ਵੀ ਇਸ ਦੇ ਲਈ ਰਜਿਸਟ੍ਰੇਸ਼ਨ ਕਰ ਸਕਦੇ ਹਾਂ। ਉਨ੍ਹਾ ਕਿਹਾ ਅੱਖਾ ਦਾਨ ਕਰਨ ਦੀ ਪ੍ਰਕਿਰਿਆ ਸਿਰਫ 10 ਤੋਂ 15 ਮਿੰਟ ਦੀ ਹੁੰਦੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਅਫ਼ਥਾਲਮਿਕ ਅਫਸਰ ਸੁਰਿੰਦਰ ਮੋਹਨ ਸਿੰਘ, ਦੱਸਿਆ ਕਿ ਜੇਕਰ ਕਿਸੇ ਵਿਅਕਤੀ ਦੇ ਐਨਕਾ ਲਗੀਆ ਹੋਣ, ਅੱਖਾ ਵਿਚ ਲੈਜ਼ ਪਏ ਹੋਣ ਉਹ ਵਿਅਕਤੀ ਵੀ ਅੱਖਾ ਦਾਨ ਕਰ ਸਕਦਾ ਹੈ। ਉਨ੍ਹਾ ਕਿਹਾ ਅੱਖਾ ਦਾ ਮੌਤ ਹੋਣ ਤੋ ਚਾਰ ਤੋ 6 ਘੰਟੇ ਵਿਚ ਹੋਣਾ ਚਾਹੀਦਾ ਹੈ। ਇਸ ਮੋਕੇ ਅਫ਼ਥਾਲਮਿਕ ਅਫਸਰ ਸੁਰਿੰਦਰ ਮੋਹਨ ਸਿੰਘ, ਡਾ ਸਿਮਰਨਜੀਤ ਸਿੰਘ, ਡਾ ਹਰਕ੍ਰਿਸਨ ਸਿੰਘ, ਡਾ. ਸਰੀਨ ਕੁਮਾਰ ਗੁਰਮੁਖ ਸਿੰਘ ਬੀ ਈ ਈ ਸਤਿੰਦਰ ਸਿੰਘ ਪਰਮਜੀਤ ਸਿੰਘ ਆਦਿ ਹਾਜਰ ਸਨ

# 1984 ਸਿੱਖ ਕਤਲੇਆਮ ਨਾਲ ਜੁੜੇ ਇਕ ਮਾਮਲੇ 'ਚ ਅਦਾਲਤ ਵੱਲੋਂ ਜਗਦੀਸ਼ ਟਾਈਟਲਰ 'ਤੇ ਦੋਸ਼ ਆਇਦ ਕਰਨ ਦਾ ਸਵਾਗਤ



**ਨਵੀਂ ਦਿੱਲੀ, 31 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਵਿਖੇ ਨਵੰਬਰ 1984 ਸਿੱਖ ਕਤਲੇਆਮ ਨਾਲ ਜੁੜੇ ਇਕ ਮਾਮਲੇ ਵਿਚ ਦਿੱਲੀ ਦੀ ਰਾਉਜ਼ ਐਵੀਨਿਊ ਦੀ ਅਦਾਲਤ ਵੱਲੋਂ ਦੋਸ਼ ਆਇਦ ਕਰਨ ਦਾ ਵੱਖ ਵੱਖ ਸਿੱਖ ਆਗੂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ, ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮਹਿਲਾ ਵਿੰਗ ਮੁੱਖੀ ਬੀਬੀ ਰਣਜੀਤ ਕੌਰ, ਪੰਥਕ ਸੇਵਾਦਾਰ ਪਰਮਜੀਤ ਸਿੰਘ ਵੀਰਜੀ ਅਤੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ ਨੇ ਸਵਾਗਤ ਕਰਦਿਆਂ ਕਿਹਾ ਕਿ ਇਸ ਨਾਲ ਪੀੜਤਾਂ ਨੂੰ ਇਨਸਾਫ਼ ਦੀ ਆਸ ਬੱਝੀ ਹੈ। ਜਿਕਰਯੋਗ ਹੈ ਕਿ ਕਿ ਜਗਦੀਸ਼ ਟਾਈਟਲਰ ਨੇ 1984 ਸਿੱਖ ਕਤਲੇਆਮ ਦੌਰਾਨ ਪੁਲਬੰਗਸ ਗੁਰਦੁਆਰਾ ਸਾਹਿਬ ਵਿਖੇ ਸਿੱਖਾਂ 'ਤੇ ਹਮਲਾ ਕਰਨ ਵਾਲੀ ਭੀੜ ਦੀ ਅਗਵਾਈ ਕੀਤੀ ਸੀ, ਜਿਸ ਦੌਰਾਨ ਤਿੰਨ ਸਿੱਖਾਂ ਦਾ ਕਤਲ ਹੋਇਆ ਸੀ। ਕਰੀਬ 40 ਸਾਲ ਤੋਂ ਪੀੜਤ ਇਨਸਾਫ਼ ਦੀ ਉਡੀਕ ਕਰ ਰਹੇ ਹਨ, ਜਿਨ੍ਹਾਂ ਨੂੰ ਦੋਸ਼ ਦਾਖ਼ਲ ਹੋਣ ਨਾਲ ਆਸ ਬੱਝੀ ਹੈ। ਸਿੱਖ ਕਤਲੇਆਮ ਮਨੁੱਖੀ ਇਤਿਹਾਸ ਵਿਚ ਮਾਨਵ ਵਿਰੋਧੀ ਕਰੂਰਕਾਰੇ ਵਜੋਂ ਅੰਕਤ ਹੈ, ਜਿਸ ਦੇ ਪੀੜਤਾਂ ਨੂੰ ਇਨਸਾਫ਼ ਲਈ ਲੰਮਾਂ ਸੰਘਰਸ਼ ਲੜਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜਗਦੀਸ਼ ਟਾਈਟਲਰ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ, ਤਾਂ ਜੋ ਪੀੜਤਾਂ ਨੂੰ ਇਨਸਾਫ਼ ਮਿਲ ਸਕੇ। ਕੇਂਦਰ ਵਿਚ ਕਾਂਗਰਸ ਦੀ ਅਗਵਾਈ ਵਾਲੀਆਂ ਸਮੇਂ ਦੀਆਂ ਸਰਕਾਰਾਂ ਨੇ ਵਾਰ-ਵਾਰ ਟਾਈਟਲਰ ਨੂੰ ਕਲੀਨ ਚਿੱਟ ਦਿੱਤੀ ਹਾਲਾਂਕਿ ਉਸਦੇ 1984 ਦੇ ਸਿੱਖ ਕਤਲੇਆਮ ਕੇਸਾਂ ਵਿਚ ਸ਼ਾਮਲ ਹੋਣ ਦੇ ਪੁਖ਼ਤਾ ਸਬੂਤ ਸਨ। ਅੱਜ ਅਦਾਲਤ ਦਾ ਫੈਸਲਾ ਇਕ ਕੇਸ ਵਿਚ ਸਾਹਮਣੇ ਆਇਆ ਹੈ ਤੇ ਭਵਿੱਖ ਵਿਚ 1984 ਦੇ ਹੋਰ ਕੇਸਾਂ ਵਿਚ ਵੀ ਟਾਈਟਲਰ ਦੀ ਸ਼ਮੂਲੀਅਤ ਸਾਹਮਣੇ ਆ ਸਕਦੀ ਹੈ ।

ਸ਼੍ਰੋਮਣੀ ਕਮੇਟੀ ਦੇ ਮੁੱਖੀ ਐਡਵੋਕੇਟ ਧਾਮੀ ਨੇ ਕਿਹਾ ਕਿ ਸਾਡੀ ਕਮੇਟੀ ਹਰ ਸਮੇਂ ਪੀੜਤਾਂ ਦੇ ਨਾਲ ਖੜ੍ਹੀ ਹੈ ਅਤੇ ਕੇਸ ਵਿਚ ਹਰ ਤਰ੍ਹਾਂ ਦੀ ਕਾਨੂੰਨੀ ਚਾਰਾਜੋਈ ਲਈ ਸਹਾਇਤਾ ਕਰ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦੇ ਸ਼ਹੀਦੀ ਸਮਾਗਮ 'ਤੇ

# ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਦੀ ਕਿਤਾਬ "ਸੰਘਰਸ਼ ਦਾ ਦੌਰ" ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਤੇ ਗੁਰੂਦੁਆਰਾ ਤੇਰਾ ਸਿੰਘ ਸ਼ਹੀਦ, ਸ਼ਹੀਦ ਗੰਜ ਸਾਹਿਬ, ਬ੍ਰਾਂਚ ਦਮਦਮੀ ਟਕਸਾਲ, ਅੰਮ੍ਰਿਤਸਰ ਬੀ ਬਲਾਕ ਵਿਖੇ ਸਾਰੇ ਪੰਥਕ ਆਗੂਆਂ ਵੱਲੋਂ ਲੋਕ ਅਰਪਣ ਕੀਤਾ ਗਿਆ










**ਅੰਮ੍ਰਿਤਸਰ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਮਿਤੀ 31 ਅਗਸਤ 2024 ਨੂੰ ਬਿਅੰਤੇ ਬੁੱਚੜ ਨੂੰ ਸੋਧਣ ਵਾਲੇ ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦਾ ਸ਼ਹੀਦੀ ਸਮਾਗਮ ਸ੍ਰੀ ਅੰਮ੍ਰਿਤਸਰ ਵਿਖੇ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਜਿਸ ਵਿੱਚ ਪੰਥਕ ਜਥੇਬੰਦੀਆਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸੰਗਤਾਂ ਨੇ ਹਾਜ਼ਰੀ ਭਰੀ ਤੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਅਰਪਣ ਕੀਤੇ। ਅੱਜ ਇਸ ਮੌਕੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਦੀ ਕਿਤਾਬ "ਸੰਘਰਸ਼ ਦਾ ਦੌਰ" ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਤੇ ਗੁਰੂਦੁਆਰਾ ਤੇਰਾ ਸਿੰਘ ਸ਼ਹੀਦ, ਸ਼ਹੀਦ ਗੰਜ ਸਾਹਿਬ, ਬ੍ਰਾਂਚ ਦਮਦਮੀ ਟਕਸਾਲ, ਅੰਮ੍ਰਿਤਸਰ ਬੀ ਬਲਾਕ ਵਿਖੇ ਸਾਰੇ ਪੰਥਕ ਆਗੂਆਂ ਵੱਲੋਂ ਲੋਕ ਅਰਪਣ ਕੀਤਾ ਗਿਆ। ਸਾਰੇ ਸਿੱਖ ਆਗੂਆਂ ਨੇ ਇਸ ਕਿਤਾਬ ਨੂੰ ਪੜਣ ਦੀ ਅਪੀਲ ਕੀਤੀ ਤਾਂ ਜੋ ਕਿ ਸਾਡੀ ਅਗਲੇਰੀ ਪੀੜੀ ਸੱਚ ਤੋਂ ਜਾਣੂ ਹੋ ਸਕੇ। ਕਿਉਂਕਿ 1984 ਤੋਂ ਲੈ ਕੇ 1995 ਦੇ ਸੰਘਰਸ਼ ਦੇ ਦੌਰ ਬਾਰੇ ਸੋਸ਼ਲ ਮਿਡੀਆ ਵਿੱਚ ਜਾਂ ਤਾਂ ਕੁਝ ਵਧਾ ਕੇ ਦਰਸਾਇਆ ਜਾਂਦਾ ਹੈ ਜਾਂ ਬਹੁਤ ਕੁਝ ਘਟਾ ਕੇ ਦੱਸਿਆ ਜਾਂਦਾ ਹੈ। ਸਿੱਖ ਆਗੂਆਂ ਨੇ ਕਿਹਾ ਇਸ ਮਹੌਲ ਵਿੱਚ "ਸੰਘਰਸ਼ ਦਾ ਦੌਰ" ਕਿਤਾਬ ਸੱਚਾਈ ਨੂੰ ਨਸ਼ਰ ਕਰਦੀ ਸਾਬਿਤ ਹੋਵੇਗੀ। "ਸੰਘਰਸ਼ ਦਾ ਦੌਰ" ਕਿਤਾਬ ਦੇ ਲੇਖਕ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਨੇ ਇਸ ਕਿਤਾਬ ਵਿੱਚ ਉਨ੍ਹਾਂ ਸਭ ਘਟਨਾਵਾਂ ਬਾਰੇ ਜ਼ਿਕਰ ਕੀਤਾ ਹੈ ਜੋ ਉਨ੍ਹਾਂ ਨੇ ਅੱਖੀਂ ਵੇਖੀਆਂ ਹਨ ਅਤੇ ਹੱਡੀਂ ਹੰਢਾਈਆਂ ਹਨ।



ਆਵਾਜ਼ਿ ਕੌਮ AWAZE QAUM International Newspaper & WEB TV




# ਚੇਅਰਮੈਨ ਰੰਧਾਵਾ ਨੇ ਆੜ੍ਹਤੀਆਂ ਦੀ ਸੱਤ ਮੈਂਬਰੀ ਕਮੇਟੀ ਨਾਲ ਕੀਤੀ ਮੀਟਿੰਗ

## ਮੁਸ਼ਕਿਲਾਂ ਹੱਲ ਕਰਵਾਉਣ ਲਈ ਕਮੇਟੀ ਨੂੰ ਦਿੱਤੇ ਅਧਿਕਾਰ



ਚੌਂਕ ਮਹਿਤਾ, 31 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)- ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ ਵੱਲੋਂ ਮੰਡੀ ਮਹਿਤਾ ਦੇ ਆੜ੍ਹਤੀਆ ਦੀ ਸੱਤ ਮੈਂਬਰੀ ਕਮੇਟੀ ਨਾਲ ਅਗਾਮੀ ਝੋਨੇ ਦੇ ਸ਼ੀਜਨ ਨੂੰ ਲੈ ਕੇ ਇਕ ਪਲੇਠੀ ਮੀਟਿੰਗ ਕੀਤੀ ਗਈ। ਇਸ ਦੌਰਾਨ ਕਮੇਟੀ ਮੈਂਬਰਾਂ ਵਿਚ ਸੁਖਦੇਵ ਸਿੰਘ ਬੁੱਟਰ, ਦਵਿੰਦਰ ਸਿੰਘ ਮੱਲੀ, ਗੁਰਮੁੱਖ ਸਿੰਘ ਡੇਅਰੀਵਾਲ, ਕੈਪਟਨ ਸਿੰਘ ਮਹਿਤਾ, ਗੁਰਮੁੱਖ ਸਿੰਘ ਸਾਹਬਾ, ਬਲਜਿੰਦਰ ਸਿੰਘ ਹੈਪੀ ਅਤੇ ਕੇਵਲ ਕ੍ਰਿਸ਼ਨ ਮੌਜੂਦ ਸਨ। ਜਿਨਾਂ ਨੇ ਝੋਨੇ ਦੇ ਸ਼ੀਜਨ ਦੌਰਾਨ ਮੰਡੀ ਵਿਚ ਵੱਧ ਤੋਂ ਵੱਧ ਖਰੀਦ ਏਜੰਸੀਆਂ ਲਿਆਉਣ ਅਤੇ ਕਈ ਹੋਰ ਜਰੂਰੀ ਮਸਲਿਆਂ ਨੂੰ ਲੈ ਕੇ ਆਪੋ ਆਪਣੇ ਸੁਝਾਅ ਦਿੱਤੇ। ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ ਨੇ ਇਨਾਂ ਮਸਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਤੁਰੰਤ ਪ੍ਰਭਾਵ ਨਾਲ ਇਹ ਮਸਲੇ ਹੱਲ ਕਰਨ ਦਾ ਭਰੋਸਾ ਦਿੱਤਾ ਅਤੇ ਆਖਿਆ ਕਿ ਸੂਬਾ ਸਰਕਾਰ ਨੇ ਝੋਨੇ ਦੀ ਖਰੀਦ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਹਨ, ਖੁਰਾਕ ਵਿਭਾਗ ਅਤੇ ਪੰਜਾਬ ਸਰਕਾਰ ਦੀਆਂ ਖਰੀਦ ਏਜੰਸੀਆਂ ਵੀ ਪੂਰੀ ਤਰਾਂ ਚੌਕਸ ਹਨ। ਇਸ ਦੌਰਾਨ ਚੇਅਰਮੈਨ ਰੰਧਾਵਾ ਨੇ ਆੜ੍ਹਤੀਆਂ ਦੀ ਇਸ ਸੱਤ ਮੈਂਬਰੀ ਕਮੇਟੀ ਨੂੰ ਮੰਡੀ ਦੀ ਬਿਹਤਰੀ ਵਾਸਤੇ ਕੰਮ ਕਰਨ ਲਈ ਪੂਰੇ ਅਧਿਕਾਰ ਦਿੱਤੇ ਅਤੇ ਆਖਿਆ ਕਿ ਅਗਰ ਕਿਸੇ ਵੀ ਕੰਮ ਵਿਚ ਕੋਈ ਅੜਚਨ ਪੇਸ਼ ਆਉਂਦੀ ਹੈ ਤਾ ਤੁਰੰਤ ਮੇਰੇ ਧਿਆਨ ਵਿਚ ਲਿਆਦਾ ਜਾਵੇ ਤਾ ਜੋ ਉਸ ਮੁਸ਼ਿਕਲ ਦਾ ਸਮੇਂ ਸਿਰ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਇਹ ਝੋਨੇ ਦੀ ਖਰੀਦ ਨੂੰ ਨਿਰਵਿਘਨ ਨੇਪਰੇ ਚਾੜਨਾ ਸਰਕਾਰ ਦੀ ਪਹਿਲ ਹੈ, ਅਤੇ ਇਸ ਕੰਮ ਵਿਚ ਕਿਸੇ ਕਿਸਮ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ ਅਤੇ ਕੁਲਤਾਰਨ ਸਿੰਘ ਪੱਡਾ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਦੂਸਰਾ ਸਤਸੰਗ ਅੱਜ



**ਚੌਕ ਮਹਿਤਾ, 31 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਭਗਵਾਨ ਵਾਲਮੀਕਿ ਮੁਰਤੀ ਚੌਕ ਵਿਖੇ ਕੱਲ 1 ਸਿਤੰਬਰ ਨੂੰ ਸ਼ਾਮ 6 ਤੋ ਰਾਤ 8 ਵਜੋਂ ਤੱਕ ਸਤਸੰਗ ਕਰਵਾਇਆ ਜਾ ਰਿਹਾ ਹੈ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਾਸ ਹੈਪੀ ਭੀਲ ਨੇ ਦੱਸਿਆ ਕਿ ਇਸ ਚੋਂਕ ਦੇ ਪ੍ਰਬੰਧਕ ਰਕੇਸ਼ ਰਾਹੀਂ ਪਵਨ ਦ੍ਰਵਿੜ ਨੀਰਜ਼ ਅਨਾਰਿਆਂ ਉਮ ਪ੍ਰਕਾਸ਼ ਅਨਾਰਿਆਂ ਸਾਬਿਰ ਦ੍ਰਵਿੜ ਨੇ ਜ਼ੋ ਉਪਰਾਲਾ ਕਰਕੇ ਨੋਜਵਾਨਾਂ ਨੂੰ ਪ੍ਰਭੂ ਪ੍ਰੇਮ ਦੀ ਲੀਲ੍ਹਾ ਵਿੱਚ ਮਗਨ ਕਰ ਦਿੱਤਾ ਹੈ ਜ਼ੋ ਉਤਸ਼ਾਹ ਸੰਗਤਾਂ ਵਿੱਚ ਆਇਆ ਹੈ ਉਸ ਲਈ ਮੈਂ ਆਪਣੇ ਅਤੇ ਸਮੂਚੇ ਵਾਲਮੀਕਿ ਸਮਾਜ ਵਲੋਂ ਇਸ ਟੀਮ ਦਾ ਦਿਲੋਂ ਧੰਨਵਾਦੀ ਹਾਂ ਸਤਸੰਗ ਦੇ ਨਾਲ ਨਾਲ ਲੰਗਰ ਵੀ ਚਲੇਗਾ ਵੀਰ ਲਾਵਣ ਜੀ ਵਾਲਮੀਕ ਮਹਾਰਾਜ ਦੇ ਭਜਨਾਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ ਸੋ ਸਾਰੇ ਸ਼ਹਿਰ ਵਾਸੀਆਂ ਨੂੰ ਅਪੀਲ ਹੈ ਕਿ ਉਹ ਆਪਣੇ ਆਪਣੇ ਬੱਚਿਆਂ ਨਾਲ ਇਸ ਸਤਸੰਗ ਵਿੱਚ ਹਿੱਸਾ ਲੈਣ ਕੇ ਵਾਲਮੀਕ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ ਜੀ

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਕਾਲਜ ਚਵਿੰਡਾ ਦੇਵੀ ਵਿਖੇ ਰਾਸ਼ਟਰੀ ਖੇਡ ਦਿਵਸ ਦਾ ਆਯੋਜਨ



ਚੌਕ ਮਹਿਤਾ31 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ) ਖਾਲਸਾ ਕਾਲਜ ਚਵਿੰਡਾ ਦੇਵੀ ਵਿਖੇ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦੀ ਯਾਦ ਵਿੱਚ ਰਾਸ਼ਟਰੀ ਖੇਡ ਦਿਵਸ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਵਿਦਿਆਰਥੀਆਂ ਨੂੰ ਮੇਜਰ ਧਿਆਨ ਚੰਦ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਵਿਦਿਆਰਥੀਆਂ ਨੂੰ ਮੇਜਰ ਧਿਆਨ ਚੰਦ ਦੇ ਜੀਵਨ, ਮਿਹਨਤ, ਸੰਘਰਸ਼ ਅਤੇ ਦੇਸ਼ ਲਈ ਕੀਤੀਆਂ ਵਡਮੁੱਲੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ। ਇਸ ਮੌਕੇ ਅੰਡਰ-19 ਅਤੇ ਅੰਡਰ- 21 ਸ਼੍ਰੇਣੀ ਦੇ ਵਿਦਿਆਰਥੀਆਂ ਦੇ ਹਾਕੀ ਅਤੇ ਫੁੱਟਬਾਲ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਹਾਕੀ ਦੇ ਮੁਕਾਬਲਿਆਂ ਵਿੱਚੋਂ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਬਦਾਲ ਦੀ ਟੀਮ ਪਹਿਲੇ ਸਥਾਨ ਤੇ ਅਤੇ ਖਾਲਸਾ ਕਾਲਜ ਚਵਿੰਡਾ ਦੇਵੀ ਦੀ ਟੀਮ ਦੂਸਰੇ ਸਥਾਨ ਤੇ ਰਹੀ। ਫੁੱਟਬਾਲ ਦੇ ਮੁਕਾਬਲਿਆਂ ਵਿੱਚੋਂ ਸਪੋਰਟਸ ਕਲੱਬ ਬੱਗਾ ਦੀ ਟੀਮ ਪਹਿਲੇ ਸਥਾਨ ਤੇ ਅਤੇ ਖਾਲਸਾ ਕਾਲਜ ਚਵਿੰਡਾ ਦੇਵੀ ਦੀ ਟੀਮ ਦੂਜੇ ਸਥਾਨ ਤੇ ਰਹੀ। ਇਹਨਾਂ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਉਚੇਚੇ ਤੌਰ ਤੇ ਅੱਠ ਰਾਜ ਪੱਧਰੀ ਅਤੇ ਚਾਰ ਰਾਸ਼ਟਰੀ ਪੱਧਰ ਦੇ ਖਿਡਾਰੀਆਂ ਨੇ ਵੀ ਸ਼ਿਰਕਤ ਕੀਤੀ। ਇਸ ਦਿਵਸ ਦੀ ਸਮਾਪਤੀ ਮੌਕੇ ਪ੍ਰੋਫੈਸਰ ਮਨਪ੍ਰੀਤ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਕਾਲਜ ਮੈਨੇਜਮੈਂਟ, ਪ੍ਰਿੰਸੀਪਲ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ। ਇਸ ਖੇਡ ਦਿਵਸ ਆਯੋਜਨ ਵਿੱਚ ਮਾਸਟਰ ਰਣਇੰਦਰ ਸਿੰਘ ਨੇ ਵਿਸ਼ੇਸ਼ ਭੂਮਿਕਾ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV





# ਸੁਖਬੀਰ ਬਾਦਲ ਦੇ ਨਾਲ ਸੁਧਾਰ ਲਹਿਰ ਦੇ ਬਾਗੀ ਸਾਬਕਾ ਵਜ਼ੀਰ ਵੀ ਕਟਹਿਰੇ 'ਚ !

**ਲੁਧਿਆਣਾ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਤੇ ਸਿੰਘ ਸਾਹਿਬਾਨ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੂੰ ਸੌਦਾ ਸਾਧ ਨੂੰ ਮੁਆਫੀ ਤੇ ਹੋਰ ਘਟਨਾਵਾਂ ਵਿਚ ਦੋਸ਼ੀ ਪਾਏ ਜਾਣ 'ਤੇ ਤਨਖਾਹੀਆ ਕਰਾਰ ਦਿੱਤਾ ਗਿਆ ਹੈ ਤੇ ਉਸ ਵੇਲੇ ਦੀਆਂ ਸਰਕਾਰਾਂ ਵਿਚ ਰਹੇ ਕੈਬਨਿਟ ਮੰਤਰੀਆਂ ਤੋਂ ਵੀ ਸਪੱਸ਼ਟੀਕਰਨ ਮੰਗਿਆ ਗਿਆ ਹੈ। ਹੁਣ ਜੋ ਸਾਬਕਾ ਕੈਬਨਿਟ ਮੰਤਰੀ ਬਾਗੀ ਹੋ ਕੇ ਅਕਾਲੀ ਦਲ ਦੀ ਸੁਧਾਰ ਲਹਿਰ ਚਲਾ ਰਹੇ ਹਨ, ਉਨ੍ਹਾਂ ਵਿਚ ਬੀਬੀ ਜਗੀਰ ਕੌਰ, ਪਰਮਿੰਦਰ ਸਿੰਘ ਢੀਂਡਸਾ, ਸੁਰਜੀਤ ਸਿੰਘ ਰੱਖੜਾ, ਸਰਵਨ ਸਿੰਘ ਫਿਲੌਰ, ਸਿਕੰਦਰ ਸਿੰਘ ਮਲੂਕਾ ਆਦਿ ਵੀ ਉਨ੍ਹਾਂ ਸਮੇਂ ਦੀਆਂ ਸਰਕਾਰਾਂ ਵਿਚ ਵਜ਼ੀਰ ਰਹੇ ਹਨ। ਉਨ੍ਹਾਂ ਨੂੰ ਵੀ ਜਥੇਦਾਰ ਨੇ ਕਟਹਿਰੇ ਵਿਚ ਖੜ੍ਹਾ ਕਰ ਲਿਆ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਆਪਣੇ ਆਪ ਨੂੰ ਤਨਖਾਹੀਆ ਕਰਾਰ ਦੇਣ ਦੇ ਮਾਮਲੇ 'ਤੇ ਦੂਜੇ ਦਿਨ ਹੀ ਆਪਣੇ ਸਾਥੀਆਂ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਣ ਲਈ ਪੁੱਜ ਗਏ। ਇਸ 'ਤੇ ਪ੍ਰਤੀਕਰਮ ਦਿੰਦਿਆਂ ਸਾਬਕਾ ਮੰਤਰੀ ਤੇ ਸੁਧਾਰ ਲਹਿਰ ਦੇ ਆਗੂ ਸਰਵਨ ਸਿੰਘ ਫਿਲੌਰ ਨੇ ਕਿਹਾ ਕਿ ਪਿਛਲੇ 8 ਸਾਲ ਤੱਕ ਸੁਖਬੀਰ ਸਿੰਘ ਬਾਦਲ ਉਸ ਵੇਲੇ ਦੇ ਕਾਰਨਾਮੇ ਭੁੱਲਿਆ ਰਿਹਾ ਹੈ, ਜਦੋਂ ਅਸੀਂ ਜਥੇਦਾਰ ਨੂੰ ਸ਼ਿਕਾਇਤ ਦਿੱਤੀ ਤਾਂ ਉਸ ਨੂੰ ਪਤਾ ਲੱਗਾ ਕਿ ਉਸ ਵੱਲੋਂ ਬੱਜਰ ਗਲਤੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਹੁਣ ਦੂਜੇ ਹੀ ਦਿਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਣ ਲਈ ਚਲਾ ਜਾਣਾ ਤਾਂ ਜੋ ਉਹ ਸਿੱਖਾਂ ਵਿਚ ਇਹ ਸੁਨੇਹਾ ਦੇਣਾ ਚਾਹੁੰਦਾ ਹੈ ਕਿ ਮੈਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਨੂੰ ਫੌਰੀ ਮੰਨਦਾ ਹਾਂ।

ਆਵਾਜ਼ਿ ਕੌਮ
AWAZE QAUM
International Newspaper & WEB TV

## ਸ਼੍ਰੋਮਣੀ ਅਕਾਲੀ ਦਲ ਨੂੰ ਵੱਡਾ ਝਟਕਾ, ਸਾਬਕਾ ਵਿਧਾਇਕ ਨੇ ਪਾਰਟੀ ਛੱਡੀ

**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਨੂੰ ਵੱਡਾ ਝਟਕਾ ਲੱਗਾ ਹੈ, ਜਿੱਥੇ ਸਾਬਕਾ ਵਿਧਾਇਕ ਪ੍ਰਕਾਸ਼ ਸਿੰਘ ਭੱਟੀ ਪਾਰਟੀ ਛੱਡ ਕਾਂਗਰਸ 'ਚ ਸ਼ਾਮਲ ਹੋ ਗਏ ਹਨ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸ਼ਨੀਵਾਰ ਨੂੰ ਸਾਬਕਾ ਵਿਧਾਇਕ ਪ੍ਰਕਾਸ਼ ਸਿੰਘ ਭੱਟੀ ਦਾ ਸ਼੍ਰੋਮਣੀ ਅਕਾਲੀ ਦਲ ਤੋਂ ਕਾਂਗਰਸ ਪਾਰਟੀ 'ਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ। ਜ਼ਿਕਰਯੋਗ ਹੈ ਕਿ 2002 'ਚ ਬੱਲੂਆਣਾ ਤੋਂ ਕਾਂਗਰਸ ਦੀ ਦੀ ਟਿਕਟ 'ਤੇ ਜਿੱਤਣ ਵਾਲੇ ਭੱਟੀ ਕੁਝ ਦਿਨ ਪਹਿਲਾਂ ਪੰਜਾਬ ਕਾਂਗਰਸ ਦੇ ਇੰਚਾਰਜ ਦੇਵੇਂਦਰ ਯਾਦਵ ਦੀ ਮੌਜੂਦਗੀ 'ਚ ਪਾਰਟੀ 'ਚ ਸ਼ਾਮਲ ਹੋ ਗਏ ਸਨ। ਸ਼ਨੀਵਾਰ ਨੂੰ ਉਨ੍ਹਾਂ ਦਾ ਰਸਮੀ ਤੌਰ 'ਤੇ ਪ੍ਰਦੇਸ਼ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਸਵਾਗਤ ਕੀਤਾ। ਰਾਜਾ ਵੜਿੰਗ ਨੇ ਕਿਹਾ ਕਿ ਭੱਟੀ ਨੇ ਪੰਜਾਬ ਦੀ ਬਿਹਤਰੀ ਲਈ ਲਗਾਤਾਰ ਕੰਮ ਕੀਤਾ ਹੈ। ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਭੱਟੀ ਇੱਕ ਬਹੁਤ ਹੀ ਮਿਹਨਤੀ ਨੇਤਾ ਹਨ, ਜਿਨ੍ਹਾਂ ਨੇ ਹਮੇਸ਼ਾ ਹੀ ਆਪਣੇ ਹਲਕਿਆਂ ਦੀ ਨੁਮਾਇੰਦਗੀ ਪੂਰੀ ਲਗਨ ਨਾਲ ਕੀਤੀ ਹੈ। ਪੰਜਾਬ ਦੇ ਲੋਕਾਂ ਲਈ ਉਨ੍ਹਾਂ ਦੇ ਨਿਰੰਤਰ ਯਤਨ ਸ਼ਲਾਘਾਯੋਗ ਹਨ। ਇਸ ਮੌਕੇ ਪ੍ਰਕਾਸ਼ ਸਿੰਘ ਭੱਟੀ ਨੇ ਲਈ ਸਮੁੱਚੀ ਕਾਂਗਰਸ ਲੀਡਰਸ਼ਿਪ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੈਂ ਪੰਜਾਬ ਕਾਂਗਰਸ ਦੇ ਬੈਨਰ ਹੇਠ ਇਕ ਵਾਰ ਫਿਰ ਤੋਂ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਦੇ ਇਸ ਮੌਕੇ ਲਈ ਧੰਨਵਾਦੀ ਹਾਂ। ਵੜਿੰਗ ਨੇ ਜ਼ੋਰ ਦੇ ਕੇ ਕਿਹਾ ਕਿ ਭੱਟੀ ਦੀ ਪਾਰਟੀ 'ਚ ਵਾਪਸੀ ਨਾਲ ਕਾਂਗਰਸ ਨੂੰ ਮਜ਼ਬੂਤੀ ਮਿਲੇਗੀ। ਉਨ੍ਹਾਂ ਨੂੰ ਜਲਦੀ ਹੀ ਪੰਜਾਬ ਦੇ ਲੋਕਾਂ ਹਿੱਤਾਂ ਨੂੰ ਅੱਗੇ ਵਧਾਉਣ ਲਈ ਮਹੱਤਵਪੂਰਨ ਕੰਮ ਸੌਂਪਿਆ ਜਾਵੇਗਾ।